ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 16 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੩੧ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਚਾਇਤੀ ਚੋਣਾਂ ’ਚ ਨਿਕਲਿਆ ਲੋਕਤੰਤਰ ਦਾ ‘ਜਲੂਸ’!

**ਚੰਡੀਗੜ੍ਹ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਬਰਨਾਲਾ ਦੇ ਪਿੰਡ ਕਰਮਗੜ੍ਹ ਵਿੱਚ ਪੰਚਾਇਤੀ ਚੋਣਾਂ ਵਿੱਚ ਲੜਾਈ ਹੋਈ। ਜਿੱਥੇ ਪੰਚੀ ਦੇ ਉਮੀਦਵਾਰ ਸਮੇਤ ਦੋ ਵਿਅਕਤੀ ਗੰਭੀਰ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਨੇ ਵਿਰੋਧੀ ਸਰਪੰਚੀ ਦੇ ਉਮੀਦਵਾਰਾਂ ’ਤੇ ਹਮਲੇ ਦੇ ਦੋਸ਼ ਲਾਏ ਹਨ। ਜ਼ਖ਼ਮੀਆਂ ਨੂੰ ਸਰਕਾਰੀ ਹਸਪਤਾਲ ਬਰਨਾਲਾ ਵਿਖੇ ਦਾਖ਼ਲ ਕਰਵਾਇਆ ਗਿਆ ਹੈ। ਇਸ ਮੌਕੇ ਗੱਡੀ ਦੀ ਭੰਨਤੋੜ ਵੀ ਕੀਤੀ ਗਈ। ਪੁਲਿਸ ਨੇ ਇਸ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਜ਼ਖ਼ਮੀ ਗੁਰਜੰਟ ਸਿੰਘ ਨੇ ਦੱਸਿਆ ਕਿ ਉਹ ਕਰਮਗੜ੍ਹ ਦੇ ਵਾਰਡ ਨੰਬਰ 9 ਤੋਂ ਪੰਚੀ ਦੀ ਚੋਣ ਲੜ ਰਿਹਾ ਹੈ। ਰਾਤ ਨੂੰ ਜਦੋਂ ਉਹ ਪਿੰਡ ਵਿੱਚ ਆਪਣੇ ਘਰ ਜਾ ਰਿਹਾ ਸੀ ਤਾਂ ਕੁਝ ਲੋਕਾਂ ਨੇ ਉਸ ਨੂੰ ਘੇਰ ਲਿਆ, ਉਸ ਦੀ ਕਾਰ ਦੀ ਭੰਨਤੋੜ ਕੀਤੀ ਅਤੇ ਉਸ ਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ। ਉਨ੍ਹਾਂ ਕਿਹਾ ਕਿ ਸਰਪੰਚ ਦੀ ਚੋਣ ਲੜ ਰਹੇ ਉਮੀਦਵਾਰ ਨੇ ਹਾਰ ਹੁੰਦੀ ਦੇਖਕੇ ਉਨ੍ਹਾਂ ਦੀ ਗੱਡੀ ’ਤੇ 20-25 ਗੁੰਡਿਆਂ ਨੇ ਹਮਲਾ ਕਰ ਦਿੱਤਾ। ਇਸ ਹਮਲੇ ਵਿੱਚ ਉਹ ਅਤੇ ਉਸ ਦਾ ਦੋਸਤ ਗੰਭੀਰ ਜ਼ਖ਼ਮੀ ਹੋ ਗਏ, ਦੋਵਾਂ ਦੇ ਸਿਰ ਵਿੱਚ ਸੱਟਾਂ ਲੱਗੀਆਂ। ਉਨ੍ਹਾਂ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਹਮਲਾਵਰਾਂ ਖ਼ਿਲਾਫ਼ ਕੇਸ ਦਰਜ ਕਰਕੇ ਉਨ੍ਹਾਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ ਕਿਉਂਕਿ ਪੰਚਾਇਤੀ ਚੋਣ ਲੜਦੇ ਸਮੇਂ ਹਮਲਾਵਰਾਂ ਨੇ ਉਸ ਨੂੰ ਜ਼ਖ਼ਮੀ ਕਰ ਦਿੱਤਾ ਹੈ, ਜਿਸ ਕਾਰਨ ਉਸ ਦੀ ਚੋਣ ਪ੍ਰਭਾਵਿਤ ਹੋਈ ਹੈ। ਜਾਂਚ ਕਰ ਰਹੇ ਪੁਲਿਸ ਅਧਿਕਾਰੀ ਹਰਵਿੰਦਰ ਪਾਲ ਨੇ ਦੱਸਿਆ ਕਿ ਗੁਰਜੰਟ ਸਿੰਘ ਵਾਸੀ ਪਿੰਡ ਕਰਮਗੜ੍ਹ ਨੂੰ ਸੱਟਾਂ ਲੱਗਣ ਕਾਰਨ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ। ਜ਼ਖ਼ਮੀ ਗੁਰਜੰਟ ਸਿੰਘ ਦੇ ਬਿਆਨ ਲੈ ਕੇ ਦੋਸ਼ੀਆਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ।

## ਲਾਰੈਂਸ ਬਿਸ਼ਨੋਈ ਦੇ ਮੁੱਦੇ ’ਤੇ ਡੋਵਾਲ ’ਤੇ ਕੈਨੇਡਾ ਵਿਚਾਲੇ ਹੋਈ ਗੁਪਤ ਮੀਟਿੰਗ

# ਆਹਮੋ-ਸਾਹਮਣੇ ਕੈਨੇਡਾ ਤੇ ਇੰਡੀਆ

**ਨਵੀਂ ਦਿੱਲੀ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਕੈਨੇਡਾ ਤੇ ਭਾਰਤ ਵਿਚਾਲੇ ਚੱਲ ਰਹੇ ਤਣਾਅ ਦਰਮਿਆਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਨਵੇਂ ਦੋਸ਼ਾਂ ਨੇ ਤਣਾਅ ਨੂੰ ਹੋਰ ਵਧਾ ਦਿੱਤਾ ਹੈ। ਹੁਣ ਉਨ੍ਹਾਂ ਕਿਹਾ ਕਿ ਭਾਰਤ ਖਾਲਿਸਤਾਨੀ ਆਗੂ ਭਾਈ



ਹਰਦੀਪ ਸਿੰਘ ਨਿੱਝਰ ਅਤੇ ਖਾਲਿਸਤਾਨੀ ਨੇਤਾਵਾਂ ’ਤੇ ਹਮਲੇ ਕਰਨ ਲਈ ਲਾਰੈਂਸ ਬਿਸ਼ਨੋਈ ਦੇ ਗਿਰੋਹ ਦੀ ਮਦਦ ਲੈ ਰਿਹਾ ਹੈ। ਇਸ ਦੌਰਾਨ ਅਮਰੀਕੀ ਅਖਬਾਰ ਵਾਸ਼ਿੰਗਟਨ ਪੋਸਟ ਦੀ ਇੱਕ ਰਿਪੋਰਟ ’ਚ ਦਾਅਵਾ ਕੀਤਾ ਗਿਆ ਹੈ ਕਿ ਪਿਛਲੇ ਮਹੀਨੇ ਭਾਰਤ ਤੇ ਕੈਨੇਡਾ ਵਿਚਾਲੇ ਗੁਪਤ ਮੀਟਿੰਗ ਹੋਈ ਸੀ। ਭਾਰਤੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਪਿਛਲੇ ਹਫ਼ਤੇ ਸਿੰਗਾਪੁਰ ਵਿੱਚ ਸਨ, ਜਿੱਥੇ ਉਨ੍ਹਾਂ ਨੇ ਕੈਨੇਡੀਅਨ ਅਧਿਕਾਰੀਆਂ ਨਾਲ ਗੁਪਤ ਮੀਟਿੰਗ ਕੀਤੀ ਸੀ। ਇਸ ਮੀਟਿੰਗ ਵਿੱਚ ਕੈਨੇਡੀਅਨ ਅਧਿਕਾਰੀਆਂ ਨੇ ਲਾਰੈਂਸ ਬਿਸ਼ਨੋਈ ਗੈਂਗ ਬਾਰੇ ਗੱਲ ਕੀਤੀ। ਲਾਰੈਂਸ ਬਿਸ਼ਨੋਈ ਮਹਾਰਾਸ਼ਟਰ ਦੇ ਸੀਨੀਅਰ ਨੇਤਾ ਤੇ ਰਾਸ਼ਟਰਵਾਦੀ ਕਾਂਗਰਸ ਪਾਰਟੀ (ਅਜੀਤ ਪਵਾਰ ਧੜੇ) ਦੇ ਵਿਧਾਇਕ ਬਾਬਾ ਸਿੱਦੀਕੀ ਦੇ ਕਤਲ ਮਾਮਲੇ ਨੂੰ ਲੈ ਕੇ ਸੁਰਖੀਆਂ ’ਚ ਆਇਆ ਹੈ। ਉਹ ਇਸ ਵੇਲੇ ਜੇਲ੍ਹ ਵਿੱਚ ਹੈ, ਪਰ ਉਹ ਆਪਣੇ 700 ਤੋਂ ਵੱਧ ਸ਼ੂਟਰਾਂ ਨਾਲ ਜੇਲ੍ਹ ਵਿੱਚ ਬੈਠ ਕੇ ਵਾਰਦਾਤਾਂ ਨੂੰ ਅੰਜਾਮ ਦਿੰਦਾ ਹੈ। ਇਸ ਦੌਰਾਨ ਕੈਨੇਡੀਅਨ ਸਰਕਾਰ ਨੇ ਭਾਰਤ ’ਤੇ ਖਾਲਿਸਤਾਨੀ ਆਗੂ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਅਤੇ ਹੋਰ ਖਾਲਿਸਤਾਨੀ ਨੇਤਾਵਾਂ ’ਤੇ ਹਮਲੇ ਦੇ ਦੋਸ਼ ਲਗਾਉਣੇ ਸ਼ੁਰੂ ਕਰ ਦਿੱਤੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਭਾਰਤ ਦੇ ਇਸ਼ਾਰੇ ’ਤੇ ਲਾਰੈਂਸ ਬਿਸ਼ਨੋਈ ਤੇ ਉਨ੍ਹਾਂ ਦੇ ਸਾਥੀ ਕੈਨੇਡਾ ’ਚ ਇਹ ਸਭ ਕੁਝ ਕਰ ਰਹੇ ਹਨ। ਰਿਪੋਰਟ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਅਜੀਤ ਡੋਭਾਲ ਨਾਲ ਹੋਈ ਮੀਟਿੰਗ ਵਿੱਚ ਕੈਨੇਡਾ ਸਰਕਾਰ ਨੇ ਲਾਰੈਂਸ ਬਿਸ਼ਨੋਈ ਦੀ ਸ਼ਮੂਲੀਅਤ ’ਤੇ ਜ਼ੋਰ ਦਿੱਤਾ ਹੈ। ਇੱਕ ਕੈਨੇਡੀਅਨ ਅਧਿਕਾਰੀ ਦੇ ਹਵਾਲੇ ਨਾਲ ਕਿਹਾ ਗਿਆ ਕਿ ਮੀਟਿੰਗ ਦੌਰਾਨ ਅਜੀਤ ਡੋਵਾਲ ਨੇ ਪਹਿਲਾਂ ਇੰਝ ਜਤਾਇਆ ਜਿਵੇਂ ਉਹ ਲਾਰੈਂਸ ਬਿਸ਼ਨੋਈ ਨੂੰ ਨਹੀਂ ਜਾਣਦੇ ਪਰ ਬਾਅਦ ਵਿੱਚ ਉਨ੍ਹਾਂ ਨੇ ਮੰਨਿਆ ਕਿ ਲਾਰੈਂਸ ਬਿਸ਼ਨੋਈ ਜੇਲ੍ਹ ਵਿੱਚ ਬੈਠ ਕੇ ਵੀ ਹਿੰਸਾ ਤੇ ਹਮਲਿਆਂ ਵਰਗੀਆਂ ਘਟਨਾਵਾਂ ਨੂੰ ਅੰਜਾਮ ਦਿੰਦਾ ਹੈ। ਇਹ ਮੀਟਿੰਗ ਪੰਜ ਘੰਟੇ ਚੱਲੀ, ਜਿਸ ਵਿੱਚ ਕੈਨੇਡਾ ਦੀ ਸੁਰੱਖਿਆ ਸਲਾਹਕਾਰ ਨੈਟਲੀ ਡਰੋਇਨ ਤੋਂ ਇਲਾਵਾ ਉਪ ਵਿਦੇਸ਼ ਮੰਤਰੀ ਡੇਵਿਡ ਮੌਰੀਸਨ ਅਤੇ ਰਾਇਲ ਕੈਨੇਡੀਅਨ ਮਾਊਂਟਿਡ ਪੁਲਿਸ ਦੇ ਸੀਨੀਅਰ ਮੈਂਬਰ ਵੀ ਮੌਜੂਦ ਸਨ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਕੈਨੇਡੀਅਨ ਅਧਿਕਾਰੀਆਂ ਨੇ ਅਜੀਤ ਡੋਵਾਲ ਨੂੰ ਦੱਸਿਆ ਕਿ ਉਹ ਨਿੱਝਰ ਕਤਲ ਕੇਸ ਵਿੱਚ ਚਾਰ ਭਾਰਤੀ ਅਧਿਕਾਰੀਆਂ ਦੀ ਸ਼ਮੂਲੀਅਤ ਬਾਰੇ ਵੇਰਵੇ ਜਨਤਕ ਕਰਨ ਬਾਰੇ ਸੋਚ ਰਹੇ ਹਨ ਕਿਉਂਕਿ ਇਸ ਕੇਸ ਦੀ ਜਾਂਚ ਅਗਲੇ ਮਹੀਨੇ ਹੋਣੀ ਹੈ। ਹਾਲਾਂਕਿ, ਅਜੀਤ ਡੋਵਾਲ ਨੇ ਕਿਹਾ ਕਿ ਭਾਰਤ ਨਿੱਝਰ ਦੇ ਕਤਲ ਜਾਂ ਕੈਨੇਡਾ ਵਿੱਚ ਹਿੰਸਾ ਭੜਕਾਉਣ ਨਾਲ ਭਾਰਤ ਦੇ ਸਬੰਧ ਦੇ ਕਿਸੇ ਵੀ ਕੈਨੇਡੀਅਨ ਦੋਸ਼ਾਂ ਨੂੰ ਰੱਦ ਕਰਦਾ ਹੈ।

## ਕੀ ਭਾਰਤ ’ਤੇ ਪਾਬੰਦੀਆਂ ਲਾਉਣ ਦੀ ਤਿਆਰੀ ’ਚ ਕੈਨੇਡਾ?

**ਓਟਾਵਾ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਕੈਨੇਡਾ ਦੀ ਵਿਦੇਸ਼ ਮੰਤਰੀ ਮੇਲਾਨੀਆ ਜੋਲੀ ਨੇ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਨੂੰ ਲੈ ਕੇ ਪੈਦਾ ਹੋਏ ਕੂਟਨੀਤਕ ਵਿਵਾਦ ਤੋਂ ਬਾਅਦ ਭਾਰਤ ਖਿਲਾਫ ਪਾਬੰਦੀਆਂ ਦੀ ਸੰਭਾਵਨਾ ਦੇ ਸਵਾਲ ’ਤੇ ਕਿਹਾ ਕਿ ਕੈਨੇਡਾ ਦੇ ਪ੍ਰਧਾਨ ਮੰਤਰੀ ਤਣਾਅ ਦੇ ਸਾਰੇ ਵਿਕਲਪ ਵਿਚਾਰ ਅਧੀਨ ਹਨ। ਜਸਟਿਨ ਟਰੂਡੋ ਵੱਲੋਂ ਭਾਰਤ ਸਰਕਾਰ ’ਤੇ ਕੈਨੇਡੀਅਨ ਨਾਗਰਿਕਾਂ ਨੂੰ ਨਿਸ਼ਾਨਾ ਬਣਾਉਣ ਵਾਲੀਆਂ ਅਪਰਾਧਿਕ ਗਤੀਵਿਧੀਆਂ ਦਾ ਸਮਰਥਨ ਕਰਨ ਦੇ ਦੋਸ਼ ਲਾਏ ਜਾਣ ਤੋਂ ਬਾਅਦ ਭਾਰਤ ਅਤੇ ਕੈਨੇਡਾ ਵਿਚਾਲੇ ਵਿਵਾਦ ਵਧਿਆ ਹੈ। ਭਾਰਤ ਨੇ ਛੇ ਕੈਨੇਡੀਅਨ ਡਿਪਲੋਮੈਟਾਂ ਨੂੰ ਕੱਢ ਦਿੱਤਾ ਅਤੇ ਓਟਾਵਾ ਤੋਂ ਆਪਣੇ ਹਾਈ ਕਮਿਸ਼ਨਰ ਅਤੇ ਪੰਜ ਹੋਰ ਡਿਪਲੋਮੈਟਾਂ ਨੂੰ ਵਾਪਸ ਬੁਲਾ ਲਿਆ। ਹਾਲਾਂਕਿ ਕੈਨੇਡਾ ਨੇ ਕਿਹਾ ਕਿ ਭਾਰਤੀ ਡਿਪਲੋਮੈਟਾਂ ਨੂੰ ਕੱਢ ਦਿੱਤਾ ਗਿਆ ਹੈ। ਟਰੂਡੋ ਨੇ ਦੋਸ਼ ਲਾਇਆ ਕਿ ਪਿਛਲੇ ਸਾਲ ਜੂਨ ’ਚ ਖਾਲਿਸਤਾਨੀ ਆਗੂ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ’ਚ ਭਾਰਤ ਸਰਕਾਰ ਦੇ ਏਜੰਟ ਸ਼ਾਮਲ ਸਨ। ਭਾਰਤ ਨੇ ਸ਼ਮੂਲੀਅਤ ਤੋਂ ਇਨਕਾਰ ਕੀਤਾ ਅਤੇ ਦੋਸ਼ਾਂ ਨੂੰ ‘ਬੇਹੂਦਾ’ ਅਤੇ ਰਾਜਨੀਤੀ ਤੋਂ ਪ੍ਰੇਰਿਤ ਦੱਸਿਆ। ਜੋਲੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਰਾਇਲ ਕੈਨੇਡੀਅਨ ਮਾਊਂਟਿਡ ਪੁਲਸ (ਆਰਸੀਐੱਮਪੀ) ਵੱਲੋਂ ਇਕੱਠੇ ਕੀਤੇ ਸਬੂਤ ਹੀ ਭਾਰਤੀ ਡਿਪਲੋਮੈਟਾਂ ਨੂੰ ਕੱਢਣ ਦੇ ਫੈਸਲੇ ਦਾ ਆਧਾਰ ਸਨ। ਉਨ੍ਹਾਂ ਭਾਰਤ ਸਰਕਾਰ ਨੂੰ ਦੋਵਾਂ ਦੇਸ਼ਾਂ ਦੇ ਆਪਸੀ ਲਾਭ ਲਈ ਜਾਂਚ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਭਾਰਤ ਨੂੰ ਕੂਟਨੀਤਕ ਅਤੇ ਕੌਂਸਲਰ ਛੋਟ ਛੱਡਣ ਅਤੇ ਜਾਂਚ ਵਿੱਚ ਸਹਿਯੋਗ ਕਰਨ ਲਈ ਕਿਹਾ ਗਿਆ ਸੀ, ਪਰ ਉਸ ਨੇ ਇਨਕਾਰ ਕਰ ਦਿੱਤਾ। ਇਸ ’ਤੇ ਕਿ ਕੀ ਭਾਰਤ ’ਤੇ ਪਾਬੰਦੀਆਂ ਲਗਾਉਣ ’ਤੇ ਵਿਚਾਰ ਕੀਤਾ ਜਾ ਰਿਹਾ ਹੈ, ਕੈਨੇਡੀਅਨ ਵਿਦੇਸ਼ ਮੰਤਰੀ ਨੇ ਕਿਹਾ ਕਿ ਡਿਪਲੋਮੈਟਾਂ ਨੂੰ ਕੱਢਣਾ ਸਭ ਤੋਂ ਸਖਤ ਕਦਮਾਂ ਵਿੱਚੋਂ ਇੱਕ ਹੈ ਜੋ ਕਿਸੇ ਦੇਸ਼ ਵੱਲੋਂ ਵਿਆਨਾ ਕਨਵੈਨਸ਼ਨ ਦੇ ਤਹਿਤ ਚੁੱਕਿਆ ਜਾ ਸਕਦਾ ਹੈ।



## 4 ਭਾਰਤੀ ਜਹਾਜ਼ਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ, ਕਿਸੇ ਦੀ ਅਯੁੱਧਿਆ ਤੇ ਕਿਸੇ ਦੀ ਕੈਨੇਡਾ ’ਚ ਲੈਂਡਿੰਗ

**ਨਵੀਂ ਦਿੱਲੀ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮੰਗਲਵਾਰ ਨੂੰ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਚਾਰ ਜਹਾਜ਼ਾਂ ਨੂੰ ਬੰਬ ਦੀ ਧਮਕੀ ਦਿੱਤੀ ਗਈ ਸੀ, ਜਿਸ ’ਚ ਦਿੱਲੀ ਤੋਂ ਸ਼ਿਕਾਗੋ ਜਾਣ ਵਾਲੀ ਏਅਰ ਇੰਡੀਆ ਦੀ ਉਡਾਣ ਵੀ ਸ਼ਾਮਲ ਹੈ। ਉਡਾਣਾਂ ’ਚ ਬੰਬ ਹੋਣ ਦੀ ਸੂਚਨਾ ਮਿਲਣ ਤੋਂ ਬਾਅਦ ਸੁਰੱਖਿਆ ਏਜੰਸੀਆਂ ਨੇ ਅਲਰਟ ਜਾਰੀ ਕਰ ਕੇ ਸਾਰੀਆਂ ਉਡਾਣਾਂ ਦੀ ਐਮਰਜੈਂਸੀ ਲੈਂਡਿੰਗ ਕਰਵਾਈ।



ਮੰਗਲਵਾਰ ਨੂੰ ਸੋਸ਼ਲ ਮੀਡੀਆ ਪਲੇਟਫਾਰਮ ਐਕਸ ’ਤੇ ਚਾਰ ਜਹਾਜ਼ਾਂ ਨੂੰ ਬੰਬ ਦੀ ਧਮਕੀ ਦੇ ਸੰਦੇਸ਼ ਮਿਲੇ, ਜਿਸ ਤੋਂ ਬਾਅਦ ਸੁਰੱਖਿਆ ਏਜੰਸੀਆਂ ਨੇ ਕਈ ਹਵਾਈ ਅੱਡਿਆਂ ’ਤੇ ਅੱਤਵਾਦ ਵਿਰੋਧੀ ਵਿਸ਼ੇਸ਼ ਅਭਿਆਸ ਸ਼ੁਰੂ ਕਰ ਦਿੱਤੇ ਹਨ। ਸੂਤਰਾਂ ਮੁਤਾਬਕ ਅਮਰੀਕਾ ਜਾਣ ਵਾਲੇ ਇਨ੍ਹਾਂ ਜਹਾਜ਼ਾਂ ’ਚੋਂ ਇਕ ਜਹਾਜ਼ ਵੀ ਸ਼ਾਮਲ ਸੀ। ਸੋਮਵਾਰ ਨੂੰ ਮੁੰਬਈ ਤੋਂ ਉਡਾਣ ਭਰਨ ਵਾਲੀਆਂ ਤਿੰਨ ਅੰਤਰਰਾਸ਼ਟਰੀ ਉਡਾਣਾਂ ਨੂੰ ਵੀ ਬੰਬ ਦੀ ਧਮਕੀ ਮਿਲੀ ਸੀ, ਜਿਸ ਕਾਰਨ ਸੈਂਕੜੇ ਯਾਤਰੀਆਂ ਅਤੇ ਏਅਰਲਾਈਨ ਕਰਮਚਾਰੀਆਂ ਨੂੰ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਿਆ ਸੀ। ਹਾਲਾਂਕਿ ਜਾਂਚ ਤੋਂ ਬਾਅਦ ਇਨ੍ਹਾਂ ਧਮਕੀਆਂ ਨੂੰ ਫਰਜ਼ੀ ਕਰਾਰ ਦਿੱਤਾ ਗਿਆ। ਸੋਸ਼ਲ ਮੀਡੀਆ ਪਲੇਟਫਾਰਮ ਐਕਸ ’ਤੇ ਚਾਰ ਜਹਾਜ਼ਾਂ ਨੂੰ ਧਮਕੀ ਦਿੱਤੀ ਗਈ, ਜਿਨ੍ਹਾਂ ਵਿਚ ਏਅਰ ਇੰਡੀਆ ਐਕਸਪ੍ਰੈਸ ਦੀ ਜੈਪੁਰ ਤੋਂ ਅਯੁੱਧਿਆ ਹੁੰਦੇ ਹੋਏ ਬੈਂਗਲੁਰੂ ਜਾਣ ਵਾਲੀ ਫਲਾਈਟ (IX765), ਸਪਾਈਸਜੈੱਟ ਦੀ ਦਰਭੰਗਾ ਤੋਂ ਮੁੰਬਈ ਜਾਣ ਵਾਲੀ ਫਲਾਈਟ (SG116), ਅਕਾਸਾ ਏਅਰ ਦੀ ਸਿਲੀਗੁੜੀ ਤੋਂ ਬੈਂਗਲੁਰੂ ਜਾਣ ਵਾਲੀ ਫਲਾਈਟ (QP 1373) ਤੇ ਏਅਰ ਇੰਡੀਆ ਦੀ ਦਿੱਲੀ ਤੋਂ ਸ਼ਿਕਾਗੋ ਜਾਣ ਵਾਲੀ ਫਲਾਈਟ (AI 127) ਸ਼ਾਮਲ ਸਨ। ਅਯੁੱਧਿਆ ਹਵਾਈ ਅੱਡੇ ’ਤੇ ਏਅਰ ਇੰਡੀਆ ਐਕਸਪ੍ਰੈਸ ਜਹਾਜ਼ ਦੀ ਸੁਰੱਖਿਆ ਜਾਂਚ ਕੀਤੀ ਗਈ। ਫਲਾਈਟ ਟ੍ਰੈਕਿੰਗ ਵੈੱਬਸਾਈਟਾਂ ਮੁਤਾਬਕ ਸਪਾਈਸਜੈੱਟ ਅਤੇ ਅਕਾਸਾ ਏਅਰ ਦੇ ਜਹਾਜ਼ ਸੁਰੱਖਿਅਤ ਉਤਰ ਗਏ ਹਨ। ਇਸ ਲਈ ਦਿੱਲੀ ਤੋਂ ਸ਼ਿਕਾਗੋ ਜਾਣ ਵਾਲੀ ਏਅਰ ਇੰਡੀਆ ਦੀ ਉਡਾਣ ਨੂੰ ਸੁਰੱਖਿਆ ਜਾਂਚ ਲਈ ਕੈਨੇਡਾ ਵੱਲ ਮੋੜ ਦਿੱਤਾ ਗਿਆ ਹੈ। ਹਵਾਬਾਜ਼ੀ ਸੁਰੱਖਿਆ ਸੂਤਰਾਂ ਨੇ ਪੀਟੀਆਈ ਨੂੰ ਦੱਸਿਆ ਕਿ ਸਾਰੇ ਮਾਮਲਿਆਂ ’ਚ ਸਾਵਧਾਨੀ ਵਰਤੀ ਜਾ ਰਹੀ ਹੈ। ਸੂਤਰਾਂ ਨੇ ਦੱਸਿਆ ਕਿ ਐਕਸ ਹੈਂਡਲ ਨੇ ਏਅਰਲਾਈਨਜ਼ ਅਤੇ ਪੁਲਸ ਦੇ ਹੈਂਡਲ ਨੂੰ ਟੈਗ ਕੀਤਾ ਅਤੇ ਦਾਅਵਾ ਕੀਤਾ ਕਿ ਇਨ੍ਹਾਂ ਜਹਾਜ਼ਾਂ ’ਤੇ ਬੰਬ ਲਗਾਏ ਗਏ ਸਨ। ਸੋਮਵਾਰ ਨੂੰ ਵੀ ਚਾਰ ਵੱਖ-ਵੱਖ ਐਕਸ ਹੈਂਡਲਜ਼ ਨੇ ਮੁੰਬਈ ਤੋਂ ਉਡਾਣ ਭਰਨ ਵਾਲੀਆਂ ਤਿੰਨ ਅੰਤਰਰਾਸ਼ਟਰੀ ਉਡਾਣਾਂ ਨੂੰ ਇਸੇ ਤਰ੍ਹਾਂ ਦੀ ਧਮਕੀ ਦਿੱਤੀ ਸੀ। ਸੁਰੱਖਿਆ ਅਤੇ ਖੁਫੀਆ ਏਜੰਸੀਆਂ, ਏਅਰਲਾਈਨਾਂ ਅਤੇ ਹਵਾਈ ਅੱਡੇ ਦੇ ਸੰਚਾਲਕਾਂ ਨੇ ਸੋਮਵਾਰ ਨੂੰ ਅੱਤਵਾਦ ਵਿਰੋਧੀ ਸੁਰੱਖਿਆ ਜਾਂਚ ਕਰਨ ਤੋਂ ਬਾਅਦ ਸੰਦੇਸ਼ਾਂ ਨੂੰ ਜਾਅਲੀ ਐਲਾਨ ਕੀਤਾ ਜਦੋਂ ਬੰਬ ਜਾਂ ਹਾਈਜੈਕ ਦੀ ਧਮਕੀ ਪ੍ਰਾਪਤ ਹੋਣ ’ਤੇ ਸਰਗਰਮੀ ਨਾਲ ਕੀਤੀ ਜਾਣ ਵਾਲੀ ਅੱਤਵਾਦ ਵਿਰੋਧੀ ਸੁਰੱਖਿਆ ਜਾਂਚ ਕੀਤੀ ਗਈ। ਅਧਿਕਾਰੀਆਂ ਨੇ ਦੱਸਿਆ ਕਿ ਬਿਊਰੋ ਆਫ ਸਿਵਲ ਐਵੀਏਸ਼ਨ ਸਕਿਓਰਿਟੀ (ਬੀ.ਸੀ.ਏ.ਐੱਸ.) ਨੇ ਇਨ੍ਹਾਂ ਖਤਰਿਆਂ ਪਿੱਛੇ ਲੋਕਾਂ ਦਾ ਪਤਾ ਲਗਾਉਣ ਲਈ ਭਾਰਤੀ ਸਾਈਬਰ ਸੁਰੱਖਿਆ ਏਜੰਸੀਆਂ ਅਤੇ ਪੁਲਸ ਦੀ ਮਦਦ ਮੰਗੀ ਹੈ।

## ਸਿੰਘ ਸਾਹਿਬਾਨ ਖਿਲਾਫ ਬਿਆਨਬਾਜੀ ਵਲਟੋਹਾ ਨੂੰ ਪਈ ਮਹਿੰਗੀ, ਅਕਾਲੀ ਦਲ ਵਿੱਚੋਂ ਬਾਹਰ ਕੱਢਣ ਦੇ ਕੀਤੇ ਆਦੇਸ਼

**ਅੰਮ੍ਰਿਤਸਰ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਦਿਨਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਲੀਡਰ ਵਿਰਸਾ ਸਿੰਘ ਵਲਟੋਹਾ ਵੱਲੋਂ ਜਥੇਦਾਰ ਸਾਹਿਬਾਨਾਂ ਉੱਤੇ ਦਬਾਅ ਵਾਲੇ ਬਿਆਨ ਦੇਣ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਤਲਬ ਕੀਤਾ ਗਿਆ ਸੀ ਜਿਸ ਤੋਂ





ਬਾਅਦ ਸਿੰਘ ਸਾਹਿਬਾਨ ਨੇ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੂੰ ਆਦੇਸ਼ ਦਿੱਤਾ ਹੈ ਕਿ ਵਿਰਸਾ ਸਿੰਘ ਵਲਟੋਹਾ ਨੂੰ ਸ਼੍ਰੋਮਣੀ ਅਕਾਲੀ ਦਲ ਚੋਂ 10 ਸਾਲਾਂ ਲਈ ਬਾਹਰ ਕੱਢਿਆ ਜਾਵੇ। ਜ਼ਿਕਰ ਕਰ ਦਈਏ ਕਿ ਵਿਰਸਾ ਸਿੰਘ ਵਲਟੋਹਾ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਪੇਸ਼ ਹੋਏ ਸੀ ਜਿਸ ਤੋਂ ਬਾਅਦ ਜਥੇਦਾਰ ਸਾਹਿਬਾਨਾਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਨੂੰ ਵਿਰਸਾ ਸਿੰਘ ਵਲਟੋਹਾ ਨੂੰ 24 ਘੰਟਿਆਂ ਵਿੱਚ ਪਾਰਟੀ ਚੋਂ 10 ਸਾਲ ਲਈ ਕੱਢਣ ਦੇ ਆਦੇਸ਼ ਦਿੱਤੇ ਗਏ ਹਨ। ਇਸ ਦੇ ਨਾਲ ਹੀ ਕਿਹਾ ਗਿਆ ਹੈ ਕਿ ਜੇ ਵਲਟੋਹਾ ਨੇ ਮੁੜ ਬਿਆਨਬਾਜ਼ੀ ਜਾਰੀ ਰੱਖੀ ਤਾਂ ਹੋਰ ਸਖ਼ਤ ਕਾਰਵਾਈ ਕੀਤੀ ਜਾਵੇਗੀ ਇਸ ਬਾਰੇ ਜਾਣਕਾਰੀ ਦਿੰਦਿਆਂ, ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਦੱਸਿਆ ਕਿ ਬੀਤੇ ਦਿਨੀਂ ਉਹ ਬਿਮਾਰ ਸਨ ਤੇ ਉਸ ਮੌਕੇ ਵਲਟੋਹਾ ਘਰ ਵਿੱਚ ਹਾਲ ਜਾਣਨ ਲਈ ਆਇਆ ਤਾਂ ਇਸ ਮੌਕੇ ਉਸ ਨੇ ਧਮਕੀ ਦਿੱਤੀ ਕਿ ਜੇ ਸੁਖਬੀਰ ਸਿੰਘ ਬਾਦਲ ਨੇ ਖ਼ਿਲਾਫ਼ ਕੋਈ ਉਲਟਾ ਕੋਈ ਫ਼ੈਸਲਾ ਕੀਤਾ ਤਾਂ ਖੰਡਾ ਖੜਕਾਅ ਦੇਵੇਗਾ।

ਜਥੇਦਾਰ ਨੇ ਕਿਹਾ ਕਿ ਵਲਟੋਹਾ ਨੇ ਹੋਈਆਂ ਗੱਲਾਂ ਦੀ ਮੋਬਾਇਲ ਉੱਤੇ ਰਿਕਾਡਿੰਗ ਕੀਤੀ ਜੋ ਕਿ ਇੱਕ ਵਿਸ਼ਵਾਸ਼ਘਾਤ ਹੈ। ਜਥੇਦਾਰ ਸਾਹਿਬਾਨ ਨੇ ਕਿਹਾ ਕਿ ਵਲਟੋਹਾ ਨੇ ਜੋ ਜਥੇਦਾਰ ਸਾਹਿਬਾਨਾਂ ਦੇ ਖ਼ਿਲਾਫ਼ ਬਿਆਨਬਾਜ਼ੀਆਂ ਕੀਤੀਆਂ ਹਨ ਉਹ ਉਸ ਦਾ ਕੋਈ ਸਬੂਤ ਨਹੀਂ ਦੇ ਸਕਿਆ ਜਿਸ ਕਰਕੇ ਵਲਟੋਹਾ ਵੱਲੋਂ ਕੀਤੇ ਗਏ ਸਾਰੇ ਦਾਅਵੇ ਜਾਅਲੀ ਸਾਬਤ ਹੋਏ ਹਨ। ਜਥੇਦਾਰ ਨੇ ਕਿਹਾ ਕਿ ਇਸ ਸਾਰੀ ਸੁਣਵਾਈ ਵੀਡੀਓਗ੍ਰਾਫੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਵਲਟੋਹਾ ਦੀ ਬਦਜ਼ੁਬਾਨੀ ਕਰਕੇ ਪੰਥਕ ਜ਼ਮਾਨ ਦਾ ਭਾਰੀ ਨੁਕਸਾਨ ਹੋਇਆ ਹੈ।

## ਵਿਰਸਾ ਸਿੰਘ ਵਲਟੋਹਾ ਨੇ ਖੁਦ ਛੱਡਿਆ ਅਕਾਲੀ ਦਲ, ਮੁੱਢਲੀ ਮੈਂਬਰਸ਼ਿਪ ਤੋਂ ਦਿੱਤਾ ਅਸਤੀਫ਼ਾ

ਪੰਜਾਬ ਦੀ ਸਿਆਸੀ ਗਲਿਆਰਿਆਂ ਤੋਂ ਵੱਡੀ ਖਬਰ ਆ ਰਹੀ ਹੈ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਵਿਰਸਾ ਸਿੰਘ ਵਲਟੋਹਾ ਨੇ ਖੁਦ ਹੀ ਅਕਾਲੀ ਦਲ ਨੂੰ ਛੱਡ ਦਿੱਤਾ ਗਿਆ ਹੈ। ਉਨ੍ਹਾਂ ਨੇ ਇੱਕ ਵੀਡੀਓ ਸੁਨੇਹਾ ਸਾਂਝਾ ਕਰਦੇ ਹੋਏ ਇਹ ਜਾਣਕਾਰੀ ਖੁਦ ਦਿੱਤੀ ਹੈ। ਦੱਸ ਦਈਏ ਪਿਛਲੇ ਦਿਨੀਂ ਵਿਰਸਾ ਸਿੰਘ ਵਲਟੋਹਾ ਨੇ ਜਥੇਦਾਰਾਂ ਤੇ ਬੀਜੇਪੀ ਤੇ RSS ਦਾ ਦਬਾਅ ਹੋਣ ਸਬੰਧੀ ਬਿਆਨ ਦਿੱਤਾ ਸੀ ਜਿਸ ’ਤੇ ਵਿਰਸਾ ਸਿੰਘ ਵਲਟੋਹਾ ਤੋਂ ਸਪੱਸ਼ਟੀਕਰਨ ਮੰਗਿਆ ਗਿਆ ਸੀ। ਦੋਸ਼ ਸਾਬਿਤ ਹੋਣ ’ਤੇ ਪੰਜ ਸਿੰਘ ਸਾਹਿਬਾਨ ਨੇ ਸਖ਼ਤ ਫੈਸਲਾ ਸੁਣਾਉਂਦਿਆਂ ਜਿੱਥੇ ਅਕਾਲੀ ਦਲ ਨੂੰ ਵਿਰਸਾ ਸਿੰਘ ਵਲਟੋਹਾ ਦੀ ਮੁੱਢਲੀ ਮੈਂਬਰਸ਼ਿਪ ਅਤੇ ਸਾਰੇ ਅਹੁਦਿਆਂ ਤੋਂ 24 ਘੰਟਿਆਂ ਦੇ ਅੰਦਰ ਬਾਹਰ ਕਰਨ ਦੇ ਹੁਕਮ ਸੁਣਾਏ ਹਨ। ਉੱਥੇ ਹੀ ਵਿਰਸਾ ਸਿੰਘ ਵਲਟੋਹਾ ’ਤੇ 10 ਸਾਲ ਦੀ ਪਾਬੰਦੀ ਦੇ ਹੁਕਮ ਸੁਣਾਏ ਸਨ। ਪਰ ਹੁਣ ਵਿਰਸਾ ਸਿੰਘ ਵਲਟੋਹਾ ਨੇ ਖੁਦ ਹੀ ਅਕਾਲੀ ਦਲ ਨੂੰ ਛੱਡ ਦਿੱਤਾ ਹੈ ਅਤੇ ਮੁੱਢਲੀ ਮੈਂਬਰਸ਼ਿਪ ਤੋਂ ਅਸਤੀਫਾ ਦੇ ਦਿੱਤਾ ਗਿਆ ਹੈ। ਉਨ੍ਹਾਂ ਨੇ ਪੋਸਟ ਸ਼ੇਅਰ ਕਰਦੇ ਹੋਏ ਲਿਖਿਆ ਹੈ- ”ਅਕਾਲ ਤਖਤ ਸਾਹਿਬ ’ਤੇ ਅੱਜ ਸਿੰਘ ਸਾਹਿਬਾਨ ਸਾਹਮਣੇ ਹੋਈ ਮੇਰੀ ਪੇਸ਼ੀ ਤੋਂ ਬਾਅਦ ਮੇਰੇ ਬਾਰੇ ਜੋ ਆਦੇਸ਼ ਜਾਰੀ ਕੀਤਾ ਗਿਆ ਹੈ ਉਸਨੂੰ ਸਿਰ ਝੁਕਾਕੇ ਪ੍ਰਵਾਨ ਕਰਦਾ ਹਾਂ।” ਉਨ੍ਹਾਂ ਨੇ ਅੱਗੇ ਲਿਖਿਆ ਹੈ- ”ਇਸ ਆਦੇਸ਼ ਨੂੰ ਲਾਗੂ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਨੂੰ ਕਿਸੇ ਵੀ ਸੰਕਟ ’ਚ ਪਾਏ ਬਿਨਾਂ ਮੈਂ ਖੁਦ ਹੀ ਅਕਾਲੀ ਦਲ ਦੀ ਮੁੱਢਲੀ ਮੈਂਬਰਸ਼ਿਪ ਨੂੰ ਛੱਡਦਾ ਹਾਂ। ਮੈਨੂੰ ਪਤਾ ਹੈ ਕਿ ਅਕਾਲੀ ਦਲ ਦੀ ਲੀਡਰਸ਼ਿਪ ਮੈਨੂੰ ਬਹੁਤ ਪਿਆਰ ਕਰਦੀ ਹੈ ਤੇ ਉਹ ਮੈਨੂੰ ਹਮੇਸ਼ਾਂ ਹੀ ਪੰਥਕ ਸੋਚ ਵਾਲੇ ਟਕਸਾਲੀ ਅਕਾਲੀ ਦਾ ਦਰਜਾ ਦੇਂਦੀ ਹੈ। ਮੇਰੀਆਂ ਰਗਾਂ ’ਚ ਅਕਾਲੀ ਖ਼ੂਨ ਵਗਦਾ ਹੈ ਤੇ ਹਮੇਸ਼ਾਂ ਵਗਦਾ ਰਹੇਗਾ। ਮੈਨੂੰ ਸਿੰਘ ਸਾਹਿਬਾਨ ਦਾ ਆਦੇਸ਼ ਇੱਕ ਨਿਮਾਣੇ ਸਿੱਖ ਦੇ ਤੌਰ ’ਤੇ ਰੂਹ ਤੋਂ ਪ੍ਰਵਾਨ ਹੈ। ਸ਼੍ਰੀ ਅਕਾਲ ਤਖਤ ਸਾਹਿਬ ਤੋਂ ਹਮੇਸ਼ਾਂ ਸੰਗਤ ਨੂੰ ਅਕਾਲੀ ਦਲ ਦੇ ਨਾਲ ਜੋੜਿਆ ਹੀ ਜਾਂਦਾ ਰਿਹਾ ਹੈ। ਮੇਰੀ ਜ਼ਿੰਦਗੀ ਵਿੱਚ ਇੱਕ ਅਕਾਲੀ ਨੂੰ ਅਕਾਲੀ ਦਲ ਨਾਲੋਂ ਤੋੜਨ ਲਈ ਸ਼ਾਇਦ ਸਿੱਖ ਰਾਜਨੀਤੀ ਵਿੱਚ ਇਹ ਪਹਿਲਾ ਬਹੁਤ ਹੀ ਹੈਰਾਨ ਕਰ ਦੇਣ ਵਾਲਾ ਆਦੇਸ਼ ਆਇਆ ਹੈ। ਅੱਜ ਅਕਾਲੀ ਵਿਰੋਧੀ ਸ਼ਕਤੀਆਂ ਜਰੂਰ ਖੁਸ਼ ਹੋਣਗੀਆਂ। ਹਾਂ ਗਿਆਨੀ ਹਰਪ੍ਰੀਤ ਹੋਰਾਂ ਨੇ ਅਜਿਹਾ ਆਦੇਸ਼ ਕਰਵਾਕੇ ਅਕਾਲੀ ਸਫਾਂ ਵਿੱਚ ਦਹਿਸ਼ਤ ਪੈਦਾ ਕਰਨ ਦੀ ਜਰੂਰ ਕੋਸ਼ਿਸ਼ ਕੀਤੀ ਹੈ। ਪਰ ਤਖਤਾਂ ਤੋਂ ਸਿੱਖਾਂ ਵਿੱਚ ਦਹਿਸ਼ਤ ਪੈਦਾ ਕਰਨ ਲਈ ਕਦਮ ਨਹੀਂ ਚੁੱਕੇ ਜਾਂਦੇ ਸਗੋਂ ਸਿੱਖੀ ਨਾਲ ਜੋੜਣ ਤੇ ਅਕਾਲੀ ਸੋਚ ਨਾਲ ਜੋੜਨ ਦੇ ਯਤਨ ਕੀਤੇ ਜਾਂਦੇ ਰਹੇ ਹਨ।” ਉਨ੍ਹਾਂ ਨੇ ਅੱਗੇ ਕਿਹਾ- ”ਮੈਂ ਤਾਂ ਅੱਜ ਆਪਣਾ ਪੱਖ ਨਿਮਰਤਾ ਨਾਲ ਸਿੰਘ ਸਾਹਿਬਾਨ ਅੱਗੇ ਰੱਖਿਆ ਸੀ। ਜਿਸਦੀ ਸਾਰੀ ਵੀਡੀਓਗ੍ਰਾਫੀ ਕੀਤੀ ਗਈ ਸੀ। ਮੈਨੂੰ ਸਿੰਘ ਸਾਹਿਬਾਨ ਨੇ ਪੇਸ਼ੀ ਦੀ ਮੀਟਿੰਗ ਸ਼ੁਰੂ ਹੋਣ ਵੇਲੇ ਕਿਹਾ ਸੀ ਕਿ, ਤੁਹਾਡੀ ਸਾਰੀ ਸੁਣਵਾਈ ਦੀ ਵੀਡੀਓਗ੍ਰਾਫੀ ਕੀਤੀ ਜਾ ਰਹੀ ਹੈ ਜੋ ਬਾਅਦ ਵਿੱਚ ਮੀਡੀਆ ਨੂੰ ਜਾਰੀ ਕੀਤੀ ਜਾਵੇਗੀ। ਮੇਰੀ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਨੂੰ ਬੇਨਤੀ ਹੈ ਕਿ ਉਹ ਵੀਡੀਓਗ੍ਰਾਫੀ ਦੀ ਵੀਡੀਓ ਮੀਡੀਆ ਨੂੰ ਜਨਤਕ ਕਰਨ ਦੀ ਕਿਰਪਾਲਤਾ ਕਰਨ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ +44 7813953484
ਭਾਈ ਰਘਵੀਰ ਸਿੰਘ ਵਾਲਸਾਲ +44 7976210161
ਭਾਈ ਬਲਜੀਤ ਸਿੰਘ ਕੰਗ +44 7780605230
ਭਾਈ ਅਮਰੀਕ ਸਿੰਘ ਤੂਰ ਡਰਬੀ +44 7539243163
ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ +44 7895666314
ਭਾਈ ਕਪਤਾਨ ਸਿੰਘ ਵੁਲਵਰਹੈਂਪਟਨ +44 7788283485

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net


ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

Khehra VAISHNO DHABA

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment


## ਪੰਜਾਬੀ

### ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ — Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ ਲ਼ |

www.damdamitaksal.net

| | | | |
|---|---|---|---|
| ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ |
| ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ |
| ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ |

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

**Learn Speak Read Write PUNJABI**


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ
ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ
ਖਾਲਸਾ
ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ
ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ
ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating
Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ
ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ
ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ
ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ
ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ
ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ
ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ
ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ
ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All CATEGORIES OF MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715128621


DHAN DHAN SRI GURU NANAK DEV JI'S
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI START 9.00AM
George Street, West Bromwich
GURU NANAK GURDWARA 11.00AM
Edward Street, West Bromwich
GURDWARA AMRIT PARCHAR DHARMIK DIWAN 1.00PM
Birmingham Road, Oldbury
GURDWARA GURU MANEYO GRANTH 2.00PM
Popes Lane, Oldbury
GURDWARA BABA SANG 3.15PM
St Paul's Road, Smethwick
GURU NANAK GURDWARA SMETHWICK 4.00pm FINISH
High Street, Smethwick
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਅਰੰਭਤਾ: ੯.00 ਵਜੇ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਗੁਰੂ ਨਾਨਕ ਗੁਰਦੁਆਰਾ, ੧੧.00 ਵਜੇ
ਏਡਵਰਡ ਸਟਰੀਟ ਵੈਸਟ ਬ੍ਰਮਵਿਚ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧.00 ਵਜੇ
ਬ੍ਰਮਿੰਘਮ ਰੋਡ, ਓਲਡਬਰੀ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨.00 ਵਜੇ
ਪੋਪਸ ਲੇਨ, ਓਲਦਬਰੀ
ਗੁਰਦੁਆਰਾ ਬਾਬਾ ਸੰਗ ਜੀ ੩.੧੫ ਵਜੇ
ਸਟ. ਪੌਲਜ਼ ਰੋਡ, ਸਮੈਦਿਕ
ਗੁਰੂ ਨਾਨਕ ਗੁਰਦੁਆਰਾ ਸਮਾਪਤੀ: ੪.00 ਵਜੇ
ਸਮੈਦਿਕ
ਆਵਾਜ਼ਿ ਕੌਮ AWAZE QAUM
International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
GURU NANAK GURDWARA SMETHWICK
The Council of Sikh Gurdwaras in Sandwell




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




### ਜਥੇਦਾਰਾਂ ਦੀ ਦਰਿਆਦਿਲੀ ਹੈ ਕਿ ਵਲਟੋਹਾ ਖਿਲਾਫ ਵੱਡਾ ਐਕਸ਼ਨ ਨਹੀਂ ਲਿਆ : ਪ੍ਰੋ. ਸਰਚਾਂਦ ਸਿੰਘ

# ਤਖ਼ਤ ਸਾਹਿਬਾਨ ਦੇ ਜਥੇਦਾਰਾਂ ਖਿਲਾਫ ਕਿਰਦਾਰਕੁਸ਼ੀ ਦੀ ਵੱਡੀ ਸਾਜ਼ਿਸ਼ ਕਰਨ ਵਾਲਾ ਕਿਸੇ ਤਰਾਂ ਵੀ ਪੰਥ 'ਚ ਬਣੇ ਰਹਿਣ ਦੇ ਲਾਇਕ ਨਹੀਂ



**ਸਿੱਖ** ਚਿੰਤਕ ਅਤੇ ਭਾਰਤੀ ਜਨਤਾ ਪਾਰਟੀ ਦੇ ਸੂਬਾਈ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਨਾਮਵਰ ਆਗੂ ਸ.ਵਿਰਸਾ ਸਿੰਘ ਵਲਟੋਹਾ ਦੇ ਖਿਲਾਫ ਲਏ ਗਏ ਫ਼ੈਸਲੇ ਦਾ ਜ਼ੋਰਦਾਰ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਜਥੇਦਾਰ ਸਿੰਘ ਸਾਹਿਬਾਨ ਦੀ ਦਰਿਆ ਦਿਲੀ ਹੈ ਕਿ ਉਨ੍ਹਾਂ ਨੇ ਵਲਟੋਹਾ ਵੱਲੋਂ ਕੀਤੀਆਂ ਗਈਆਂ ਵੱਡੀਆਂ ਕਰਤੂਤਾਂ ਦੇ ਬਾਵਜੂਦ ਕੇਵਲ ਉਸ ਨੂੰ ਅਕਾਲੀ ਦਲ 'ਚੋਂ ਬਾਹਰ ਕਰਨ ਦੇ ਨਿਰਦੇਸ਼ ਦਿੱਤੇ ਹਨ, ਜਦੋਂ ਕਿ ਪੰਥ ਦੀਆ ਸਭ ਤੋਂ ਵੱਧ ਸਤਿਕਾਰਯੋਗ ਧਾਰਮਿਕ ਸ਼ਖ਼ਸੀਅਤਾਂ ਵਜੋਂ ਪੰਥ ਦੀ ਸਿਰਮੌਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੋ ਕਿ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਵੀ ਹਨ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਖਿਲਾਫ ਕਿਰਦਾਰਕੁਸ਼ੀ ਦੀ ਵੱਡੀ ਸਾਜ਼ਿਸ਼ ਕੀਤੀ ਹੋਵੇ ਉਹ ਕਿਸੇ ਤਰਾਂ ਵੀ ਪੰਥ 'ਚ ਬਣੇ ਰਹਿਣ ਦੇ ਲਾਇਕ ਨਹੀਂ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਤਖ਼ਤ ਸਾਹਿਬਾਨ ਸਿੱਖ ਪੰਥ ਦੀਆਂ ਸਿਰਮੌਰ ਸੰਸਥਾਵਾਂ ਹਨ ਅਤੇ ਇਸ 'ਤੇ ਸੇਵਾਵਾਂ ਨਿਭਾ ਰਹੇ ਜਥੇਦਾਰ ਸਿੰਘ ਸਾਹਿਬਾਨ ਦਾ ਪੰਥ 'ਚ ਆਪਣਾ ਉੱਚਾ ਰੁਤਬਾ ਅਤੇ ਮੁਕਾਮ ਹੈ। ਕੋਈ ਵੀ ਗੁਰਸਿੱਖ ਸ੍ਰੀ ਤਖ਼ਤ ਸਾਹਿਬਾਨ ਅਤੇ ਜਥੇਦਾਰਾਂ ਖਿਲਾਫ ਕਿਸੇ ਕਿਸਮ ਦੀ ਸਾਜ਼ਿਸ਼ ਘੜਨ ਬਾਰੇ ਸੁਪਨੇ 'ਚ ਵੀ ਨਹੀਂ ਸੋਚ ਸਕਦਾ। ਇਹ ਬੜੀ ਚਿੰਤਾ ਅਤੇ ਸ਼ਰਮ ਦੀ ਗਲ ਹੈ ਕਿ ਜਿੱਥੇ ਅਕਾਲੀ ਆਗੂਆਂ ਵੱਲੋਂ ਸਿਆਸੀ ਮੁਫ਼ਾਦ ਲਈ ਵਿਰੋਧੀਆਂ ਦੀ ਨਜਾਇਜ਼ ਰਿਕਾਰਡਿੰਗ ਕਰਦਿਆਂ ਵਿਸ਼ਵਾਸਘਾਤ ਦੀ ਆਦਤ ਹੁਣ ਸਿੰਘ ਸਾਹਿਬਾਨ ਤਕ ਪਹੁੰਚ ਗਈ ਹੋਵੇ ਉੱਥੇ ਆਮ ਵਿਅਕਤੀ ਦਾ ਨਿੱਜ ਕਿਵੇਂ ਸੁਰੱਖਿਅਤ ਰਹਿ ਸਕਦੀ ਹੈ। ਉਨ੍ਹਾਂ ਕਿਹਾ ਕਿ ਅਕਾਲੀ ਸਿਆਸਤ ਨਿਵਾਣਾਂ ਵਲ ਜਾ ਚੁੱਕੀ ਹੈ। ਵਲਟੋਹਾ ਨੇ ਸੁਖਬੀਰ ਸਿੰਘ ਬਾਦਲ ਦੇ ਮਾਮਲੇ 'ਚ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਦਬਾਅ ਪਾਉਣ ਲਈ ਹੀ ਨੀਵੇਂ ਪੱਧਰ 'ਤੇ ਜਾ ਕੇ ਸਾਜ਼ਿਸ਼ ਤਹਿਤ ਰਿਕਾਰਡਿੰਗ ਕੀਤੀ, ਇਸ ਬਾਰੇ ਸੁਖਬੀਰ ਸਿੰਘ ਬਾਦਲ ਨੂੰ ਆਪਣੀ ਸਥਿਤੀ ਸਪਸ਼ਟ ਕਰਨੀ ਚਾਹੀਦੀ ਹੈ ਅਤੇ ਇਸ ਗੁਨਾਹ ਲਈ ਸ਼੍ਰੋਮਣੀ ਕਮੇਟੀ ਨੂੰ ਵਲਟੋਹਾ ਦੇ ਖਿਲਾਫ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ। ਭਾਜਪਾ ਆਗੂ ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸਿੰਘ ਸਾਹਿਬਾਨ ਦੇ ਫ਼ੈਸਲੇ ਨੇ ਭਾਜਪਾ ਅਤੇ ਆਰ ਐਸ ਐਸ ਖਿਲਾਫ ਅਕਾਲੀ ਆਗੂਆਂ ਵੱਲੋਂ ਲਗਾਏ ਜਾ ਰਹੇ ਬੇਬੁਨਿਆਦ ਇਲਜ਼ਾਮਾਂ ਦਾ ਸੱਚ ਵੀ ਸਾਹਮਣੇ ਲਿਆ ਦਿੱਤਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੇ ਬੇਸ਼ੱਕ ਸਤਿਕਾਰ ਵਜੋਂ ਕਰਤਾਰਪੁਰ ਲਾਂਘਾ, ਗੁਰੂ ਸਾਹਿਬਾਨ ਦੀਆਂ ਸ਼ਤਾਬਦੀਆਂ ਮਨਾਉਣ ਅਤੇ ਵੀਰ ਬਾਲ ਦਿਵਸ ਵਰਗੇ ਧਾਰਮਿਕ ਖੇਤਰ 'ਚ ਵੱਡੇ ਫ਼ੈਸਲੇ ਲਏ ਹਨ, ਪਰ ਸਿੱਖ ਪੰਥ ਦੇ ਅੰਦਰੂਨੀ ਧਾਰਮਿਕ ਮਾਮਲਿਆਂ 'ਚ ਕਦੀ ਦਖ਼ਲ ਅੰਦਾਜ਼ੀ ਨਹੀਂ ਕੀਤੀ। ਸਿੱਖਾਂ ਦੀ ਆਨ ਤੇ ਸ਼ਾਨ ਦਾ ਪ੍ਰਤੀਕ ਸਾਡੀਆਂ ਇਹਨਾਂ ਸਿੱਖ ਸੰਸਥਾਵਾਂ ਨੂੰ ਆਪਣੇ ਸਵਾਰਥ ਲਈ ਅਕਾਲੀ ਦਲ ਅਤੇ ਬਾਦਲ ਪਰਿਵਾਰ ਵੱਲੋਂ ਕੀਤੀ ਜਾਂਦੀ ਰਹੀ ਦੁਰਵਰਤੋਂ ਦੀਆਂ ਅਨੇਕਾਂ ਮਿਸਾਲਾਂ ਹਨ, ਗਿਣਾਉਣ ਜਾਂ ਦੱਸਣ ਦੀ ਲੋੜ ਨਹੀਂ। ਪੰਥ ਦੀ ਜਮਾਤ ਸ਼੍ਰੋਮਣੀ ਅਕਾਲੀ ਦਲ ਨੂੰ ਕਮਜ਼ੋਰ ਕਿਸੇ ਹੋਰ ਨੇ ਨਹੀਂ ਪੰਥ ਅੰਦਰ ਬੈਠ ਕੇ ਪੰਥ ਵਿਰੋਧੀ ਮਨਸੂਬੇ ਘੜਨ ਵਾਲਿਆਂ ਦੀ ਸੋਚ ਤੇ ਸਾਜ਼ਿਸ਼ਾਂ ਨੇ ਕੀਤਾ ਹੈ, ਜਿਸ ਤੋਂ ਅੱਜ ਹਰ ਕੋਈ ਵਾਕਫ਼ ਹੋ ਚੁਕਾ ਹੈ। ਸਿੱਖ ਪੰਥ ਦਹਾਕਿਆਂ ਤੋਂ ਜਾਗਰੂਕ ਹੈ, ਹੁਣ ਅਕਾਲੀ ਦਲ ਬਾਦਲ ਆਪਣੀਆਂ ਨਾਕਾਮੀਆਂ ਨੂੰ ਕੇਂਦਰੀ ਹਕੂਮਤ, ਭਾਜਪਾ ਅਤੇ ਆਰ ਐਸ ਐਸ ਦੇ ਖਾਤੇ ਪਾ ਕੇ ਸੁਰਖ਼ਰੂ ਨਹੀਂ ਹੋਇਆ ਜਾ ਸਕਦਾ। ਪ੍ਰੋ. ਸਰਚਾਂਦ ਸਿੰਘ ਨੇ ਵਲਟੋਹਾ ਵੱਲੋਂ ਕੀਤੇ ਗਏ ਖ਼ੁਲਾਸੇ ਜਿਸ ਵਿਚ ਸੁਖਬੀਰ ਸਿੰਘ ਬਾਦਲ ਬਾਬਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਧਾਰਮਿਕ ਸਜ਼ਾ/ਤਨਖ਼ਾਹ ਸੁਣਾਏ ਜਾਣ ਦਾ ਫ਼ੈਸਲਾ ਹੋਰ ਨਾ ਲਮਕਾਉਣ ਲਈ ਅਕਾਲੀ ਆਗੂਆਂ ਵੱਲੋਂ ਵਾਰ ਵਾਰ ਜਥੇਦਾਰ ਸਾਹਿਬਾਨ ਪਹੁੰਚ ਕਰਨ ਨੂੰ ਗੈਰ ਸਿਧਾਂਤਕ ਅਤੇ ਸ਼ਰਮ ਕਰਨ ਵਾਲੀ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਕਿਸੇ ਵੀ ਤਨਖ਼ਾਹੀਆ ਨਾਲ ਮੇਲ ਮਿਲਾਪ ਨਾ ਰੱਖਣ ਲਈ ਰਹਿਤ ਮਰਯਾਦਾ 'ਚ ਸਪਸ਼ਟ ਆਦੇਸ਼ ਮੌਜੂਦ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 30 /08/ 2024 ਨੂੰ ਸੁਣਾਏ ਗਏ ਫ਼ੈਸਲੇ 'ਚ ਸੁਖਬੀਰ ਸਿੰਘ ਬਾਦਲ ਉਸ ਵਕਤ ਤਕ ਤਨਖ਼ਾਹੀਆ ਹੈ ਜਦੋਂ ਤਕ ਉਹ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਹੋ ਕੇ ਆਪਣੇ "ਗੁਨਾਹਾਂ" ਦੀ ਮੁਆਫ਼ੀ ਨਹੀਂ ਮੰਗ ਲੈਂਦਾ। ਸੁਖਬੀਰ ਸਿੰਘ ਬਾਦਲ ਦੇ ਮਾਮਲੇ 'ਤੇ ਟਿੱਪਣੀ ਕਰਦਿਆਂ ਪ੍ਰੋ.ਸਰਚਾਂਦ ਸਿੰਘ ਨੇ ਕਿਹਾ ਕਿ ਇਸ ਸ਼੍ਰੇਣੀ ਨਾਲ ਸੰਬੰਧਿਤ ਪੁਰਾਣੇ ਹੁਕਮਨਾਮਿਆਂ 'ਚ ਜਿਨ੍ਹਾਂ ਸ਼ਖ਼ਸੀਅਤਾਂ ਨੂੰ ਤਨਖ਼ਾਹੀਆ ਕਰਾਰ ਦਿੱਤੇ ਗਏ ਹਨ, ਉਨ੍ਹਾਂ 'ਚ ਜਗਦੇਵ ਸਿੰਘ ਤਲਵੰਡੀ ਬਾਰੇ "ਕਿਸੇ ਵੀ ਸਿੱਖ ਸਟੇਜ 'ਤੇ ਬੁਲਾਇਆ ਨਾ ਜਾਵੇ ਅਤੇ ਕਿਸੇ ਵੀ ਸਿੱਖ ਜਥੇਬੰਦੀ ਵਿਚ ਪ੍ਰਤੀਨਿਧਤਾ ਨਾ ਦਿੱਤੀ ਜਾਵੇ", ਗਿਆਨੀ ਜ਼ੈਲ ਸਿੰਘ ਦੇ ਬਾਰੇ 'ਚ "ਕਿਸੇ ਪ੍ਰਕਾਰ ਦੀ ਇਸ ਨਾਲ ਮਿਲਵਰਤਨ ਨਾ ਕਰੇ", ਬੂਟਾ ਸਿੰਘ ਦੇ ਬਾਰੇ 'ਚ "ਤਨਖ਼ਾਹ ਨਹੀਂ ਲਵਾ ਲੈਂਦਾ ਕੋਈ ਸਿੱਖ ਮਿਲਵਰਤਨ ਨਾ ਕਰੇ", ਸੁਰਜੀਤ ਸਿੰਘ ਬਰਨਾਲਾ ਦੇ ਸੰਬੰਧ 'ਚ "ਅਗਲੇ ਹੁਕਮਾਂ ਤਕ ਕੋਈ ਸਬੰਧ ਨਾ ਰੱਖੇ ਤੇ ਮਿਲਵਰਤਨ ਨਾ ਦੇਵੇ" ਆਦਿ ਦਰਜ ਕੀਤੇ ਗਏ।ਉਪਰੋਕਤ ਦੀ ਰੋਸ਼ਨੀ ਵਿਚ ਇਹ ਕਿਹਾ ਜਾਵੇ ਤਾਂ ਗ਼ਲਤ ਨਹੀਂ ਹੋਵੇਗਾ ਕਿ ਤਨਖ਼ਾਹੀਆ ਹੋਣ ਕਾਰਨ ਸੁਖਬੀਰ ਬਾਦਲ ਨੂੰ ਕਿਸੇ ਵੀ ਪੰਥਕ ਸਟੇਜ 'ਤੇ ਬੋਲਣ ਦੇਣਾ ਤਾਂ ਕੀ ਉਸ ਕੋਲ ਪੰਥਕ ਜਮਾਤ ਦੀ ਮੈਂਬਰਸ਼ਿਪ ਜਾਂ ਪ੍ਰਤੀਨਿਧਤਾ ਦਾ ਹੱਕ ਵੀ ਨਹੀਂ ਹੈ। ਇਸ ਨੁਕਤੇ 'ਤੇ ਅਮਲ ਨਾ ਕਰ ਕੇ ਅਕਾਲੀ ਦਲ ਸਿਧਾਂਤ ਹੀਣਤਾ ਦਾ ਪ੍ਰਗਟਾਵਾ ਨਹੀਂ ਕਰ ਰਿਹਾ ? ਵਲਟੋਹਾ ਜੀ ਨੇ ਆਪਣੀਆਂ ਦਲੀਲਾਂ ਨੂੰ ਪੁਖ਼ਤਾ ਕਰਨ ਲਈ ਰਹਿਤ ਮਰਯਾਦਾ ਦੀਆਂ ਕਾਪੀਆਂ ਵੀ ਪੇਸ਼ ਕੀਤੀਆਂ ਹਨ। ਪਰ ਇਹ ਕਾਪੀਆਂ ਕੇਵਲ ਸ਼ਖ਼ਸੀ ਰਹਿਣੀ 'ਚ ਆਈ ਢਿਲਿਆਈ, ਧਾਰਮਿਕ ਗ਼ਲਤੀਆਂ ਜਾਂ ਅਵੱਗਿਆ ਕਾਰਨ ਹੋਈ ਮਰਯਾਦਾ ਦੀ ਉਲੰਘਣਾ ਬਾਰੇ ਹੈ। ਇਸ ਲਈ ਸੁਖਬੀਰ ਬਾਦਲ ਨੂੰ ਇਸ ਸ਼੍ਰੇਣੀ 'ਚ ਨਹੀਂ ਰੱਖਿਆ ਜਾ ਸਕਦਾ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਏ ਆਦੇਸ਼ 'ਚ ਸਾਫ਼ ਕਿਹਾ ਗਿਆ ਹੈ ਕਿ ਸੁਖਬੀਰ ਸਿੰਘ ਬਾਦਲ ਵੱਲੋਂ ਬਤੌਰ ਉਪ ਮੁੱਖ ਮੰਤਰੀ ਅਤੇ ਅਕਾਲੀ ਦਲ ਦੇ ਪ੍ਰਧਾਨ ਵਜੋਂ ਲਏ ਗਏ ਫ਼ੈਸਲਿਆਂ ਨਾਲ ਪੰਥਕ ਸਰੂਪ ਦੇ ਅਕਸ ਨੂੰ ਬਹੁਤ ਭਾਰੀ ਢਾਹ ਲੱਗਣ, ਅਕਾਲੀ ਦਲ ਦੀ ਹਾਲਤ ਬਹੁਤ ਪਤਲੀ ਹੋ ਜਾਣ ਅਤੇ ਸਿੱਖ ਹਿਤਾਂ ਨੂੰ ਬਹੁਤ ਭਾਰੀ ਨੁਕਸਾਨ ਪਹੁੰਚਣ ਦਾ 'ਗੁਨਾਹ' ਕੀਤਾ ਹੈ। ਸੋ ਇਹ ਜਾਣੇ ਅਨਜਾਣੇ ਹੋਈ ਗ਼ਲਤੀ ਨਹੀਂ। ਜਾਣਬੁੱਝ ਕੇ ਕੀਤੇ ਗਏ ਗੁਨਾਹ ਹਨ। ਉਨ੍ਹਾਂ ਸਵਾਲ ਕੀਤਾ ਕਿ ਸੌਦਾਸਾਧ ਬਾਰੇ ਬਾਈਕਾਟ ਸੰਬੰਧੀ ਜਾਰੀ ਹੁਕਮਨਾਮੇ ਦੀ ਜਾਣਬੁੱਝ ਕੇ ਵਾਰ ਵਾਰ ਉਲੰਘਣਾ ਕਰਨੀ ਕੀ ਗੁਰੂ ਨੂੰ ਪਿੱਠ ਦੇਣ ਦਾ ਵਤੀਰਾ ਨਹੀਂ। ਜੇ ਇਹ ਪਿੱਠ ਦੇਣ ਦਾ ਵਤੀਰਾ ਹੈ ਤਾਂ 'ਬੇਦਾਵਾ' ਕਿਉਂ ਨਹੀਂ ਕਿਹਾ ਜਾਣਾ ਚਾਹੀਦਾ ? ਬੇਦਾਵੇ ਦੀ ਮੁਆਫ਼ੀ ਤਾਂ ਕੁਰਬਾਨੀ ਰਾਹੀਂ ਹੀ ਮਿਲ ਸਕਦੀ ਹੈ ਜਿਵੇਂ ਇਤਿਹਾਸ 'ਚ ਭਾਈ ਮਹਾਂ ਸਿੰਘ ਅਤੇ ਚਾਲੀ ਮੁਕਤਿਆਂ ਨੇ ਰਾਹ ਦਿਖਾਇਆ।

**-ਸਰਚਾਂਦ ਸਿੰਘ ਖਿਆਲਾ**

## ਵਿਚਾਰ ਆਪੋ-ਆਪਣਾ

ਆਵਾਜ਼ਿ ਕੌਮ AWAZE QAUM International Newspaper & WEB TV

## ਖਾਣ ਪੀਣ ਦੀਆਂ ਸਾਫ ਸੁਥਰੀਆਂ ਦੁਕਾਨਾਂ ਨੂੰ ਜਿਲ੍ਹਾ ਪ੍ਰਸਾਸ਼ਨ ਕਰੇਗਾ ਸਨਮਾਨਤ-ਡਿਪਟੀ ਕਮਿਸ਼ਨਰ

### ਫੂਡ ਸੇਫਟੀ ਵਿੰਗ ਵੱਲੋਂ ਮਿਲਾਵਟੀ ਪਨੀਰ ਬਣਾਉਣ ਦਾ ਪਰਦਾਫਾਸ਼



**ਚੌਂਕ ਮਹਿਤਾ, 15 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸਾਕਸ਼ੀ ਸਾਹਨੀ ਵੱਲੋਂ ਸਾਫ ਸੁਥਰਾ ਵਾਤਾਵਰਣ ਅਤੇ ਸਿਹਤਮੰਦ ਪਕਵਾਨ ਨੂੰ ਉਤਸ਼ਾਹਤ ਕਰਨ ਲਈ ਨਵੀਂ ਪਹਿਲ ਸ਼ੁਰੂ ਕੀਤੀ ਗਈ ਹੈ। ਇਸ ਦੇ ਚੱਲਦੇ ਸਬ ਡਵੀਜਨ ਪੱਧਰ ਤੇ ਕਮੇਟੀਆਂ ਬਣਾਈਆਂ ਗਈਆਂ ਹਨ ਜੋ ਕਿ ਹਰ ਰੋਜ ਆਪਣੇ ਖੇਤਰ ਵਿੱਚ ਖਾਣ ਪੀਣ ਦੀਆਂ ਦੁਕਾਨਾਂ, ਹੋਟਲ, ਰੈਸਟੋਰੈਂਟ, ਢਾਬੇ, ਡੇਅਰੀਆਂ, ਬੇਕਰੀਆਂ ਆਦਿ ਦੀ ਜਾਂਚ ਕਰਨਗੇ ਅਤੇ ਇਸ ਦੀ ਰੋਜਾਨਾ ਰਿਪੋਰਟ ਜਿਲ੍ਹਾ ਪੱਧਰ ਦੇ ਨੋਡਲ ਅਧਿਕਾਰੀ ਸਿਵਲ ਸਰਜਨ ਅੰਮ੍ਰਿਤਸਰ ਨੂੰ ਦੇਣਗੇ ਜੋ ਕਿ ਹਰ ਹਫਤੇ ਇਨ੍ਹਾਂ ਦੀਆਂ ਰਿਪੋਰਟਾਂ ਦੀ ਘੋਖ ਮਗਰੋਂ ਹਰੇਕ ਸਬ ਡਵੀਜਨ ਵਿੱਚ 3 ਤੋਂ 5 ਦੁਕਾਨਾਂ ਦੀ ਚੋਣ ਸਫਾਈ ਅਤੇ ਸਿਹਤਮੰਦ ਪਕਵਾਨ ਦੇ ਅਧਾਰ ਤੇ ਕਰਨਗੇ ਅਤੇ ਉਨ੍ਹਾਂ ਨੂੰ ਜਿਲ੍ਹਾ ਪ੍ਰਸਾਸ਼ਨ ਵੱਲੋਂ ਸਵੱਛ ਦੁਕਾਨ ਸਵੱਸਥ ਪਕਵਾਨ ਤਹਿਤ ਪ੍ਰਸੰਸਾ ਪੱਤਰ ਜਾਰੀ ਕਰਨਗੇ। ਸਿਵਲ ਸਰਜਨ ਡਾ: ਕਿਰਨਦੀਪ ਕੌਰ ਨੇ ਦੱਸਿਆ ਕਿ ਇਸ ਮੁਹਿੰਮ ਨਾਲ ਬਾਕੀ ਦੁਕਾਨਦਾਰ ਵੀ ਸਾਫ ਸਫਾਈ ਅਤੇ ਸਿਹਤਮੰਦ ਪਕਵਾਨਾਂ ਲਈ ਉਤਸ਼ਾਹਤ ਹੋਣਗੇ। ਇਸ ਤੋਂ ਇਲਾਵਾ ਜਾਂਚ ਦੌਰਾਨ ਮਾੜੀ ਕਾਰਗੁਜਾਰੀ ਵਾਲੇ ਦੁਕਾਨਦਾਰਾਂ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਵੀ ਅਮਲ ਵਿੱਚ ਲਿਆਂਦੀ ਜਾਵੇਗੀ। ਉਂਕਤ ਪ੍ਰੋਗਰਾਮ ਦੇ ਇਚਾਰਜ ਵਧੀਕ ਡਿਪਟੀ ਕਮਿਸ਼ਨ ਜਨਰਲ ਹੋਣਗੇ ਜਦ ਕਿ ਸਬ ਡਵੀਜਨ ਪੱਧਰ ਤੇ ਤਾਇਨਾਤ ਸੀਨੀਅਰ ਮੈਡੀਕਲ ਅਫਸਰ ਆਪਣੇ ਇਲਾਕੇ ਦੇ ਉਪ ਮੰਡਲ ਮੈਜਿਸਟਰੇਟ ਨਾਲ ਤਾਲਮੇਲ ਕਰਕੇ ਸਬ ਡਵੀਜਨ ਪੱਧਰ ਦੀ ਕਮੇਟੀ ਗਠਿਤ ਕਰਨਗੇ। ਇਸੇ ਮਹਿੰਮ ਤਹਿਤ ਕਾਰਵਾਇ ਕਰਦੇ ਕੱਲ ਸ਼ਾਮ ਸਿਹਤ ਵਿਭਾਗ ਅਤੇ ਪੁਲਿਸ ਦੀ ਸਾਂਝੀ ਟੀਮ ਵੱਲੋਂ ਜੱਜ ਡੇਅਰੀ, ਸ਼ੇਰ ਸ਼ਾਹ ਸੂਰੀ ਰੋਡ, ਨੇੜੇ ਛਾਪਾ ਮਾਰਿਆ ਗਿਆ ਜਿਥੋਂ ਮਿਲਾਵਟੀ ਪਨੀਰ ਬਣਾਉਣ ਦਾ ਪਰਦਾਫਾਸ਼ ਕੀਤਾ ਗਿਆ। ਸਹਾਇਕ ਫੂਡ ਸੇਫਟੀ ਕਮਿਸ਼ਨਰ ਰਜਿੰਦਰਪਾਲ ਸਿੰਘ ਨੇ ਦੱਸਿਆ ਕਿ ਇਥੋਂ 20 ਕੁਇੰਟਲ ਸੁੱਕਾ ਦੁੱਧ, 75 ਕਿਲੋ ਰਿਫਾਇੰਡ ਤੇਲ ਜੋ ਕਿ ਮਿਲਾਵਟੀ ਪਨੀਰ ਤਿਆਰ ਕਰਨ ਲਿਈ ਲਿਆਂਦਾ ਸੀ ਬਰਾਮਦ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸੇ ਮਟੀਰੀਅਲ ਤੋਂ ਤਿਆਰ ਕੀਤਾ 100 ਕਿਲੋ ਪਨੀਰ ਮਿਲਿਆ ਜਿਸ ਨੂੰ ਨਸ਼ਟ ਕਰਵਾ ਦਿੱਤਾ ਗਿਆ। ਟੀਮ ਵੱਲੋਂ ਸਕਿਮਡ ਮਿਲਕ ਪਾਊਡਰ ਅਤੇ ਰਿਫਾਇੰਡ ਤੇਲ ਦਾ ਸਾਰਾ ਸਟਾਕ ਜ਼ਬਤ ਕੀਤਾ ਗਿਆ ਅਤੇ 5 ਨਮੂਨੇ ਲਏ ਗਏ ਜੋ ਕਿ ਅਗਲੇਰੀ ਜਾਂਚ ਲਈ ਲੈਬ ਵਿੱਚ ਭੇਜੇ ਗਏ। ਉਨ੍ਹਾਂ ਦੱਸਿਆ ਕਿ ਰਿਪੋਰਟ ਆਉਣ ਤੋਂ ਬਾਅਦ ਮੁਲਜ਼ਮਾਂ ਖ਼ਿਲਾਫ਼ ਫੂਡ ਸੇਫਟੀ ਐਕਟ ਤਹਿਤ ਕਾਰਵਾਈ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

बुॅधवार, 16 अकतूबर 2024 (नानकशाही संमत : ५५६, ३१ अॅसू) संपादक : रघवीर सिंघ वालसाल यू.के., संपरक : +447458381111,+447976210161,+919729091243

## ਗੁਰੂਘਰ ਦੇ ਸੇਵਾਦਾਰ ਸਰਦਾਰ ਬਲਵਿੰਦਰ ਸਿੰਘ ਗੁਰਦਾਸਪੁਰ ਦੀ ਸਪੁੱਤਰੀ ਬੱਚੀ ਪ੍ਰਭਜੋਤ ਕੌਰ ਦਾ ਸ਼ੁਭ ਆਨੰਦ ਕਾਰਜ ਕਾਕਾ ਗੁਰਪ੍ਰੀਤ ਸਿੰਘ ਸਪੁੱਤਰ ਸਰਦਾਰ ਜਤਿੰਦਰ ਸਿੰਘ ਨਾਲ ਗੁਰਦੁਆਰਾ ਮਾਤਾ ਸਾਹਿਬ ਕੌਰ ਗਲੈਨਕੋਵ ਨਿਊਯਾਰਕ ਵਿਖੇ ਗੁਰਮਰਿਆਦਾ ਅਨੁਸਾਰ ਹੋਇਆ

### ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੁਭਾਗੀ ਜੋੜੀ ਨੂੰ ਅਸ਼ੀਰਵਾਦ ਦਿੱਤਾ ਅਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ
















**ਨਿਊਯਾਰਕ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਗੁਰੂਘਰ ਦੇ ਸੇਵਾਦਾਰ ਸਰਦਾਰ ਬਲਵਿੰਦਰ ਸਿੰਘ ਗੁਰਦਾਸਪੁਰ ਦੀ ਸਪੁੱਤਰੀ ਬੱਚੀ ਪ੍ਰਭਜੋਤ ਕੌਰ ਦਾ ਸ਼ੁਭ ਆਨੰਦ ਕਾਰਜ ਕਾਕਾ ਗੁਰਪ੍ਰੀਤ ਸਿੰਘ ਸਪੁੱਤਰ ਸਰਦਾਰ ਜਤਿੰਦਰ ਸਿੰਘ ਨਾਲ ਗੁਰਦੁਆਰਾ ਮਾਤਾ ਸਾਹਿਬ ਕੌਰ ਗਲੈਨਕੋਵ ਨਿਊਯਾਰਕ ਵਿਖੇ ਗੁਰਮਰਿਆਦਾ ਅਨੁਸਾਰ ਹੋਇਆ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੁਭਾਗੀ ਜੋੜੀ ਨੂੰ ਅਸ਼ੀਰਵਾਦ ਦਿੱਤਾ ਅਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਸਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਇੰਦਰਜੀਤ ਸਿੰਘ ਬੰਬੇ ਵਾਲੇ ਅਤੇ ਭਾਈ ਗੁਰਪ੍ਰੀਤ ਸਿੰਘ ਬੱਲੜਵਾਲ ਦੇ ਜੱਥਿਆਂ ਨੇ ਰਸਭਿੰਨਾ ਕੀਰਤਨ ਕੀਤਾ ਇਸ ਸਮੇਂ ਪ੍ਰਸਿੱਧ ਸ਼ਖਸ਼ੀਅਤਾਂ ਗੁਰਮੁਖ ਪਿਆਰੇ ਭਾਈ ਭੁਪਿੰਦਰ ਸਿੰਘ ਗੁਰਦੁਆਰਾ ਸ਼ਹੀਦਾਂ,ਗਿ: ਧਰਮਵੀਰ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਸਿੱਖ ਕਲਚਰ ਸੁਸਾਇਟੀ ਰਿਚਮੰਡ ਹਿਲ,ਗਿ: ਪਰਮਜੀਤ ਸਿੰਘ ਮੁੱਖ ਗ੍ਰੰਥੀ ਮਾਤਾ ਸਾਹਿਬ ਕੌਰ,ਸਿੱਖ ਕਲਚਰ ਸੁਸਾਇਟੀ ਰਿਚਮੰਡ ਹਿਲ ਅਤੇ ਸੰਤ ਬਾਬਾ ਪ੍ਰੇਮ ਸਿੰਘ ਸਿੱਖ ਕਲਚਰ ਸੋਸਾਇਟੀ ਦੇ ਨੁੰਮਾਇਦੇ ਸ. ਹਰਬੰਸ ਸਿੰਘ ਢਿੱਲੋਂ,ਭਾਈ ਰਣਜੀਤ ਸਿੰਘ ਦਮਦਮੀ ਟਕਸਾਲ,ਜਸਵਿੰਦਰ ਸਿੰਘ ਜੱਸੀ,ਬਾਬੂ ਜੋਗਿੰਦਰ ਸਿੰਘ,ਗੁਰਦੇਵ ਸਿੰਘ ਕੰਗ,ਜਗੀਰ ਸਿੰਘ ਖਲੀਲ,ਜਥੇਦਾਰ ਚਰਨ ਸਿੰਘ ਪ੍ਰੇਮਪੁਰਾ ਪ੍ਰਧਾਨ ਐਨਆਰਆਈ ਵਿੰਗ ਯੂਐਸਏ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਮਨਮੋਹਣ ਸਿੰਘ ਸਮੇਤ ਵੱਡੀ ਗਿਣਤੀ ਚ ਸਿੱਖ ਸੰਗਤਾਂ ਹਾਜ਼ਰ ਸਨ।




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਨਗਰ ਪੰਚਾਇਤ ਗੁਰੂਪੁਰਾ (ਰੋਡੇ) ਤੋਂ

# ਸਰਪੰਚ ਵਜੋਂ ਬੀਬੀ ਕੁਲਦੀਪ ਕੌਰ ਜੇਤੂ ਕਰਾਰ

## ਸ੍ਰੀ ਅਕਾਲ ਤਖ਼ਤ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ ਖਾਲਸਾ ਅਤੇ ਸਮੂਹ ਨਗਰ ਵੱਲੋਂ ਵਧਾਈਆਂ ਦਾ ਤਾਂਤਾ










**ਸਮੂਹ ਬਾਬਾ ਪਰਿਵਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ, ਭਾਈ ਈਸ਼ਰ ਸਿੰਘ ਜੀ ਖਾਲਸਾ, ਨਗਰ ਨਿਵਾਸੀ ਅਤੇ ਨੌਜਵਾਨਾਂ ਦਾ ਧੰਨਵਾਦ**

--✶ ਜਾਰੀ ਕਰਤਾ ✶--

**ਸਮੂਹ ਨਗਰ ਨਿਵਾਸੀ ਅਤੇ ਨੌਜਵਾਨ, ਗੁਰੂਪੁਰਾ (ਰੋਡੇ)**




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ✲ ਫੋਟੋ ਗੈਲਰੀ ✲




ਪਿੱਛਲੇ ਦਿਨੀ ਦਮਦਮੀ ਟਕਸਾਲ ਵੱਲੋਂ ਹਾਕੀ ਦਾ ਟੂਰਨਾਮੈਂਟ ਕਰਾਇਆ ਗਿਆ। ਜਿਸ ਵਿੱਚ ਸਮਾਜ ਸੇਵੀ ਮਾਸਟਰ ਗੁਰਪ੍ਰੀਤ ਸਿੰਘ ਜਲਾਲ ਉਸਮਾ ਨੂੰ ਸਨਮਾਨਿਤ ਕਰਦੇ ਹੋਏ ਉਲੰਪਿਅਨ ਖਿਡਾਰੀ ਜਰਮਨਜੀਤ ਸਿੰਘ ਬੱਲ, ਕਾਲਜ ਦੇ ਪ੍ਰਿੰਸੀਪਲ ਸ੍ਰੀ ਜਤਿੰਦਰ ਕੁਮਾਰ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ ਪ੍ਰਿੰਸੀਪਲ ਤੇਜਬੀਰ ਸਿੰਘ ਸੋਹਲ, ਅਤੇ ਪ੍ਰਬੰਧਕ ਕਮੇਟੀ, ਅਤੇ ਕੋਚ ਸਹਿਬਾਨ। (ਫੋਟੋ/ਵੇਰਵਾ : ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

# ਕੁਦਰਤੀ ਖੇਤੀ ਵੱਲ ਕਦਮ

**ਪਿਛਲੇ** ਕਈ ਸਾਲਾਂ ਤੋਂ ਭਾਰਤ ਦੇ ਲੋਕਾਂ ਨੇ ਪੱਛਮ ਦੀ ਅੰਨ੍ਹੀ ਨਕਲ ਕਰਕੇ ਨਾ ਸਿਰਫ਼ ਆਪਣਾ ਜੀਵਨ ਸਗੋਂ ਆਪਣੀ ਖੇਤੀ ਨੂੰ ਵੀ ਹਨੇਰੇ ਵਿੱਚ ਪਾ ਲਿਆ ਹੈ। ਇਸ ਮਸ਼ੀਨੀ ਯੁੱਗ ਵਿੱਚ ਭੋਜਨ ਉਤਪਾਦਨ ਲਈ ਵਰਤੀਆਂ ਜਾਂਦੀਆਂ ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾਂ ਕਾਰਨ ਖਾਣ-ਪੀਣ ਦੀਆਂ ਵਸਤੂਆਂ ਜ਼ਿਹਰੀਲੀਆਂ ਹੋਣ ਲੱਗ ਪਈਆਂ ਹਨ। ਦੇਸ਼ ਵਿੱਚ ਖੇਤੀ ਨੂੰ ਪ੍ਰਫੁੱਲਤ ਕਰਨ ਦੇ ਨਾਂ 'ਤੇ ਲੰਮੇ ਸਮੇਂ ਤੋਂ ਵਰਤੇ ਜਾ ਰਹੇ ਰਸਾਇਣਾਂ ਕਾਰਨ ਧਰਤੀ ਹੁਣ ਆਪਣੀ ਉਪਜਾਊ ਸ਼ਕਤੀ ਗੁਆ ਰਹੀ ਹੈ। ਇਹ ਹਕੀਕਤ ਹੈ ਕਿ ਬਹੁਕੌਮੀ ਕੰਪਨੀਆਂ ਭਾਰਤ ਦੇ ਖੇਤੀ ਸੱਭਿਆਚਾਰ ਨੂੰ ਤਬਾਹ ਕਰਨ 'ਤੇ ਤੁਲੀਆਂ ਹੋਈਆਂ ਹਨ ਭਾਵੇਂ ਧਰਤੀ . ਦੇਸ਼ ਦੇ ਨਾਗਰਿਕਾਂ ਨੂੰ ਰਸਾਇਣਾਂ ਤੋਂ ਛੁਟਕਾਰਾ ਪਾਉਣ ਅਤੇ ਸ਼ੁੱਧ ਅਨਾਜ ਮੁਹੱਈਆ ਕਰਵਾਉਣ ਲਈ ਜ਼ੀਰੋ ਲਾਗਤ 'ਤੇ ਕੁਦਰਤੀ ਖੇਤੀ ਇੱਕ ਵੱਡੇ ਵਿਕਲਪ ਵਜੋਂ ਉੱਭਰ ਰਹੀ ਹੈ। ਸਰਕਾਰ ਵੀ ਇਸ ਦਿਸ਼ਾ ਵਿੱਚ ਤੇਜ਼ੀ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਦੇਸ਼ ਦੇ 80 ਫੀਸਦੀ ਛੋਟੇ ਕਿਸਾਨਾਂ ਨੂੰ ਕੁਦਰਤੀ ਖੇਤੀ ਦਾ ਸਭ ਤੋਂ ਵੱਧ ਫਾਇਦਾ ਹੋਵੇਗਾ। ਛੋਟੇ ਕਿਸਾਨ ਜਿਨ੍ਹਾਂ ਕੋਲ ਦੋ ਹੈਕਟੇਅਰ ਤੋਂ ਘੱਟ ਜ਼ਮੀਨ ਹੈ। ਇਨ੍ਹਾਂ ਵਿੱਚੋਂ ਬਹੁਤੇ ਕਿਸਾਨ ਰਸਾਇਣਕ ਖਾਦਾਂ 'ਤੇ ਕਾਫੀ ਪੈਸਾ ਖਰਚ ਕਰਦੇ ਹਨ। ਜੇਕਰ ਕਿਸਾਨ ਕੁਦਰਤੀ ਖੇਤੀ ਵੱਲ ਮੁੜਨ ਤਾਂ ਉਨ੍ਹਾਂ ਦੀ ਸਥਿਤੀ ਬਿਹਤਰ ਹੋ ਜਾਵੇਗੀ ।ਆਰ ਹੋਵੇਗਾ। ਕੇਂਦਰ ਸਰਕਾਰ ਨੇ ਇਸ ਸਾਲ ਦੇ ਬਜਟ ਵਿੱਚ ਕੁਦਰਤੀ ਖੇਤੀ ਨੂੰ ਉਤਸ਼ਾਹਿਤ ਕਰਨ ਲਈ ਕਈ ਅਹਿਮ ਕਦਮ ਚੁੱਕੇ ਹਨ। ਉਨ੍ਹਾਂ ਐਲਾਨ ਕੀਤਾ ਕਿ ਅਗਲੇ ਦੋ ਸਾਲਾਂ ਵਿੱਚ ਇੱਕ ਕਰੋੜ ਕਿਸਾਨਾਂ ਨੂੰ ਇਸ ਲਈ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ ਅਤੇ ਇੱਕ ਹਜ਼ਾਰ 'ਬਾਇਓ ਰਿਸਰਚ ਸੈਂਟਰ' ਸਥਾਪਤ ਕੀਤੇ ਜਾਣਗੇ। ਦੇਸ਼ ਦੇ ਜ਼ਿਆਦਾਤਰ ਖੇਤੀ ਵਿਗਿਆਨੀਆਂ ਦਾ ਮੰਨਣਾ ਹੈ ਕਿ ਕੁਦਰਤੀ ਖੇਤੀ ਵਿੱਚ ਲਾਗਤ ਘੱਟ ਹੁੰਦੀ ਹੈ ਪਰ ਕਿਸਾਨਾਂ ਅਤੇ ਖੇਤੀ ਵਿਗਿਆਨੀਆਂ ਵਿੱਚ ਅਜੇ ਵੀ ਝਾੜ ਨੂੰ ਲੈ ਕੇ ਸ਼ੰਕੇ ਹਨ। ਵਰਨਣਯੋਗ ਹੈ ਕਿ ਅੱਜ ਖੇਤੀ ਖੇਤਰ ਵਿੱਚ ਵੱਧ ਤੋਂ ਵੱਧ ਉਤਪਾਦਨ ਲਈ ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਅੰਨ੍ਹੇਵਾਹ ਵਰਤੋਂ ਕੀਤੀ ਜਾ ਰਹੀ ਹੈ ।ਵਰਤਿਆ ਜਾ ਰਿਹਾ ਹੈ. ਇਸ ਤੋਂ ਸ਼ਹਿਰ ਤੋਂ ਲੈ ਕੇ ਪਿੰਡ ਤੱਕ ਕੋਈ ਵੀ ਇਲਾਕਾ ਅਛੂਤਾ ਨਹੀਂ ਹੈ। ਉੱਥੇ ਨਹੀਂ। ਜਿਸ ਕਾਰਨ ਆਮ ਲੋਕਾਂ ਦੇ ਨਾਲ-ਨਾਲ ਕਿਸਾਨਾਂ ਨੂੰ ਵੀ ਕਈ ਮਾੜੇ ਪ੍ਰਭਾਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਕਾਰਨ ਕਿਸਾਨਾਂ ਦੇ ਖਰਚੇ ਅਤੇ ਕਰਜ਼ਾ ਦੋਵੇਂ ਹੀ ਵੱਧ ਰਹੇ ਹਨ, ਕਿਉਂਕਿ ਕਿਸਾਨਾਂ ਨੂੰ ਰਸਾਇਣਕ ਖਾਦਾਂ, ਕੀੜੇਮਾਰ ਦਵਾਈਆਂ ਅਤੇ ਹਾਈਬ੍ਰਿਡ ਬੀਜ ਮਹਿੰਗੇ ਭਾਅ ਖਰੀਦਣੇ ਪੈ ਰਹੇ ਹਨ। ਕਈ ਵਾਰ ਤਾਂ ਕਿਸਾਨ ਬੈਂਕਾਂ ਦੇ ਕਰਜ਼ੇ ਵਿੱਚ ਫਸ ਕੇ ਖੁਦਕੁਸ਼ੀਆਂ ਵੀ ਕਰ ਲੈਂਦੇ ਹਨ। ਇੰਨਾ ਹੀ ਨਹੀਂ ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਕਾਰਨ ਮਿੱਟੀ ਪਲੀਤ ਹੋ ਰਹੀ ਹੈ ਅਤੇ ਹਾਨੀਕਾਰਕ ਕੀੜਿਆਂ ਦੀ ਗਿਣਤੀ ਵਧ ਰਹੀ ਹੈ ।ਇਹ ਹੋ ਰਿਹਾ ਹੈ। ਵੱਖ-ਵੱਖ ਕਿਸਮਾਂ ਦੇ ਲਾਭਦਾਇਕ ਜੀਵਾਂ ਜਿਵੇਂ ਮੱਛੀ, ਕੀੜੇ ਅਤੇ ਹੋਰ ਕੀੜਿਆਂ ਦੀ ਘਾਟ ਹੈ। ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾਂ ਨਾਲ ਪ੍ਰਭਾਵਿਤ ਭੋਜਨ ਕਾਰਨ ਕਈ ਤਰ੍ਹਾਂ ਦੀਆਂ ਬਿਮਾਰੀਆਂ ਪੈਦਾ ਹੋ ਰਹੀਆਂ ਹਨ। ਇਸ ਲਈ ਬਦਲਦੇ ਸਮੇਂ ਅਤੇ ਖੇਤੀ ਦੀ ਵੱਧ ਲਾਗਤ ਕਾਰਨ ਕਿਸਾਨ ਹੌਲੀ-ਹੌਲੀ ਕੁਦਰਤੀ ਖੇਤੀ ਵੱਲ ਮੁੜ ਰਹੇ ਹਨ। ਇਸ ਸਮੇਂ ਜੀਡੀਪੀ ਵਿੱਚ ਖੇਤੀ ਖੇਤਰ ਦਾ ਯੋਗਦਾਨ 13.6 ਫੀਸਦੀ ਹੈ। ਇਹ ਖੇਤਰ ਦੇਸ਼ ਦੀ 60 ਫੀਸਦੀ ਆਬਾਦੀ ਨੂੰ ਸਿੱਧਾ ਰੁਜ਼ਗਾਰ ਪ੍ਰਦਾਨ ਕਰਦਾ ਹੈ। ਪਰ ਦੇਸ਼ ਭਰ ਦੇ ਕਿਸਾਨਾਂ ਦੀ ਮੌਜੂਦਾ ਸਮਾਜਿਕ-ਆਰਥਿਕ ਸਥਿਤੀਠੀਕ ਨਹੀਂ। ਉਤਪਾਦਨ ਅਤੇ ਮੁੱਲ ਪ੍ਰਾਪਤੀ ਦੋਵਾਂ ਵਿੱਚ ਅਨਿਸ਼ਚਿਤਤਾ ਕਾਰਨ ਕਿਸਾਨ ਉੱਚ-ਇਨਪੁੱਟ ਵਾਲੀ ਖੇਤੀ ਦੇ ਦੁਸ਼ਟ ਚੱਕਰ ਵਿੱਚ ਫਸੇ ਹੋਏ ਹਨ। ਕਿਸਾਨਾਂ ਦੀ ਅੱਧੀ ਪੈਦਾਵਾਰ ਖਾਦਾਂ ਅਤੇ ਕੀਟਨਾਸ਼ਕਾਂ ਵਿੱਚ ਜਾਂਦੀ ਹੈ। ਇਸ ਤਰ੍ਹਾਂ ਕਿਸਾਨ ਅੱਜ ਬੇਵੱਸ ਤੇ ਲਾਚਾਰ ਹਨ। ਉਹ ਉਲਝਿਆ ਹੋਇਆ ਹੈ। ਹਾਲਾਤ ਉਸ ਨੂੰ ਲਾਲਚ ਵੱਲ ਧੱਕ ਰਹੇ ਹਨ। ਉਹ ਨਹੀਂ ਜਾਣਦਾ ਕਿ ਉਸ ਲਈ ਕੀ ਸਹੀ ਹੈ ? ਜ਼ਿਆਦਾਤਰ ਖੇਤੀ ਮਾਹਿਰਾਂ ਦਾ ਮੰਨਣਾ ਹੈ ਕਿ ਰਸਾਇਣਕ ਖੇਤੀ ਦੇ ਮੁਕਾਬਲੇ ਕੁਦਰਤੀ ਖੇਤੀ ਵਿੱਚ ਫ਼ਸਲਾਂ ਦੀ ਪੈਦਾਵਾਰ ਘੱਟ ਹੁੰਦੀ ਹੈ, ਫਿਰ ਕੇਂਦਰ ਸਰਕਾਰ ਕੁਦਰਤੀ ਖੇਤੀ ਦੇ ਸਮਰਥਨ ਵਿੱਚ ਕਿਉਂ ਹੈ ?, ਦਰਅਸਲ, ਸਰਕਾਰ ਨੂੰ ਕੁਦਰਤੀ ਖੇਤੀ ਰਾਹੀਂ ਖਾਦ ਸਬਸਿਡੀ, ਘਟਦੀ ਮਿੱਟੀ ਦੀ ਉਪਜਾਊ ਸ਼ਕਤੀ ਅਤੇ ਪਾਣੀ ਦੇ ਸੰਕਟ ਵਰਗੀਆਂ ਚੁਣੌਤੀਆਂ ਨਾਲ ਨਜਿੱਠਣ ਦੀ ਉਮੀਦ ਹੈ। ਸਰਕਾਰ ਦਾ ਮੰਨਣਾ ਹੈ ਕਿ ਦੇਸ਼ ਦੇ ਵਿਗਿਆਨੀ ਹਰੀ ਕ੍ਰਾਂਤੀ ਅਤੇ ਰਸਾਇਣ ਆਧਾਰਿਤ ਖੇਤੀ 'ਤੇ ਖੋਜ ਕਰ ਰਹੇ ਹਨ ਅਤੇ ਕਿਸਾਨ ਇਸ ਦੇ ਆਧਾਰ 'ਤੇ ਖੇਤੀ ਕਰਦੇ ਆ ਰਹੇ ਹਨ। ਇਸ ਵਿੱਚ ਹੁਣ ਬਦਲਾਅ ਲਿਆਉਣ ਦੀ ਲੋੜ ਹੈ, ਕਿਉਂਕਿ ਰਸਾਇਣਕ ਖਾਦਾਂ ਦੀ ਵਰਤੋਂ ਕਰਕੇ ਕਿਸਾਨ ਅਤੇ ਦੇਸ਼ ਦੋਵਾਂ ਦਾ ਆਰਥਿਕ ਨੁਕਸਾਨ ਹੋ ਰਿਹਾ ਹੈ। ਇੱਕ ਅੰਦਾਜ਼ੇ ਅਨੁਸਾਰ ਸਾਡੇ ਦੇਸ਼ ਵਿੱਚ ਪੰਜ ਕਰੋੜ ਰਸਾਇਣਕ ਖਾਦਾਂ ਦੀ ਦਰਾਮਦ ਕੀਤੀ ਜਾਂਦੀ ਹੈ, ਜਿਸ ਲਈ ਇੱਕ ਲੱਖ ਰੁਪਏ ਦੀ ਗਰਾਂਟ ਹੈ ।ਇਹ ਕਰੋੜਾਂ ਰੁਪਏ ਹੈ। ਇਸ ਤੋਂ ਦੁੱਗਣੀ ਰਕਮ ਰਸਾਇਣਕ ਖਾਦਾਂ ਦੀ ਖਰੀਦ ਲਈ ਵਿਦੇਸ਼ਾਂ ਨੂੰ ਜਾ ਰਹੀ ਹੈ। ਇਹ ਵੀ ਕਿਹਾ ਜਾ ਰਿਹਾ ਹੈ ਕਿ ਕੁਦਰਤੀ ਖੇਤੀ ਕਾਫ਼ੀ ਸਰਲ ਅਤੇ ਲਾਹੇਵੰਦ ਹੈ। ਮਾਹਿਰਾਂ ਅਨੁਸਾਰ ਕੁਦਰਤੀ ਤਰੀਕੇ ਨਾਲ ਖੇਤੀ ਕਰਨ ਨਾਲ ਕਿਸਾਨਾਂ ਨੂੰ ਖੇਤੀ ਕਰਨ ਲਈ ਬਾਹਰੋਂ ਕਿਸੇ ਦੀ ਲੋੜ ਨਹੀਂ ਪੈਂਦੀ। ਚੀਜ਼ਾਂ ਖਰੀਦਣ ਦੀ ਕੋਈ ਲੋੜ ਨਹੀਂ ਹੈ। ਖੇਤੀ ਵਿੱਚ ਸਹੀ ਤਕਨੀਕ ਦੀ ਵਰਤੋਂ ਕਰਕੇ ਫ਼ਸਲਾਂ ਵਿੱਚ ਪੌਸ਼ਿਟਕ ਤੱਤਾਂ ਦੀ ਲੋੜ ਮਿੱਟੀ ਅਤੇ ਵਾਤਾਵਰਨ ਤੋਂ ਪੂਰੀ ਕੀਤੀ ਜਾ ਸਕਦੀ ਹੈ। ਇਸ ਵਿਧੀ ਦੀ ਵਰਤੋਂ ਕਰਕੇ ਖੇਤੀ ਕਰਨ ਵਾਲੇ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਖਾਦ ਅਤੇ ਕੀਟਨਾਸ਼ਕ ਰਸਾਇਣ ਬਾਜ਼ਾਰ ਤੋਂ ਖਰੀਦਣੇ ਚਾਹੀਦੇ ਹਨ ।ਅਜਿਹਾ ਨਹੀਂ ਹੁੰਦਾ। ਫਸਲਾਂ ਦੀ ਸਿੰਚਾਈ ਲਈ ਪਾਣੀ ਅਤੇ ਬਿਜਲੀ ਦਾ ਖਰਚਾ ਵੀ ਮੌਜੂਦਾ ਖੇਤੀ ਦੇ ਮੁਕਾਬਲੇ ਦਸ ਫੀਸਦੀ ਹੈ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਇਸ ਨਾਲ ਵਾਤਾਵਰਣ ਨੂੰ ਕੋਈ ਨੁਕਸਾਨ ਨਹੀਂ ਹੁੰਦਾ। ਕਿਹਾ ਜਾ ਸਕਦਾ ਹੈ ਕਿ ਕੁਦਰਤੀ ਖੇਤੀ ਨੂੰ ਅਪਣਾਉਣ ਨਾਲ ਖਰਚੇ ਘਟਦੇ ਹਨ। ਸਾਡੇ ਦੇਸ਼ ਵਿੱਚ ਮਹਾਰਾਸ਼ਟਰ, ਗੁਜਰਾਤ ਅਤੇ ਕਰਨਾਟਕ ਵਰਗੇ ਰਾਜਾਂ ਵਿੱਚ ਕਿਸਾਨਾਂ ਨੇ ਇਸ ਖੇਤੀ ਨੂੰ ਵੱਡੇ ਪੱਧਰ 'ਤੇ ਅਪਣਾਇਆ ਹੈ। ਪੰਜਾਬ ਵਿੱਚ ਵੀ ਇਸ ਦੀ ਸ਼ੁਰੂਆਤ ਕਈ ਸਾਲ ਪਹਿਲਾਂ ਹੋ ਚੁੱਕੀ ਹੈ। ਹਾਂ, ਇੱਕ ਸਮੱਸਿਆ ਜ਼ਰੂਰ ਹੈ ਕਿ ਇਸ ਕਿਸਮ ਦੀ ਕੁਦਰਤੀ ਖੇਤੀ ਨੂੰ ਸਾਲ ਭਰ ਦੇਖਭਾਲ ਦੀ ਲੋੜ ਹੁੰਦੀ ਹੈ। ਸ਼ੁਰੂਆਤ ਵਿੱਚ ਬਹੁਤ ਮਿਹਨਤ ਕਰਨੀ ਪੈਂਦੀ ਹੈਮੰਗਦਾ ਹੈ। ਪਰ ਇਸ ਨਾਲ ਪਿੰਡ ਵਿੱਚ ਰੁਜ਼ਗਾਰ ਦੇ ਮੌਕੇ ਵਧਦੇ ਹਨ। ਬੇਰੁਜ਼ਗਾਰੀ ਘਟਦੀ ਹੈ। ਪਰ ਸ਼ਹਿਰ ਤੋਂ ਦੂਰ ਰਹਿਣ ਵਾਲੇ ਅਤੇ ਖੇਤੀ ਕਰਨ ਵਾਲੇ ਜਾਂ ਪਾਰਟ ਟਾਈਮ ਕਿਸਾਨਾਂ ਨੂੰ ਕੁਝ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਸਿਰਫ਼ ਨੌਕਰੀ 'ਤੇ ਨਿਰਭਰ ਹੋਣਾ ਕੁਦਰਤੀ ਕਿਸਾਨ ਲਈ ਓਨਾ ਅਨੁਕੂਲ ਨਹੀਂ ਹੈ ਜਿੰਨਾ ਮੌਜੂਦਾ ਰਸਾਇਣਕ ਖੇਤੀ। ਉਂਜ ਵੀ ਕੁਦਰਤੀ ਖੇਤੀ ਛੋਟੇ ਅਤੇ ਸੀਮਾਂਤ ਕਿਸਾਨਾਂ ਲਈ ਵਰਦਾਨ ਤੋਂ ਘੱਟ ਨਹੀਂ ਹੈ ਕਿਉਂਕਿ ਮੌਜੂਦਾ ਸਮੇਂ ਵਿਚ ਕਿਸਾਨਾਂ ਨੂੰ ਖੇਤੀ ਲਈ ਰਸਾਇਣਾਂ ਆਦਿ ਦੀ ਭਾਰੀ ਕੀਮਤ ਚੁਕਾਉਣ ਲਈ ਕਰਜ਼ਾ ਲੈਣਾ ਪੈਂਦਾ ਹੈ ਅਤੇ ਇਹ ਕਰਜ਼ੇ ਦਾ ਬੋਝ ਲਗਾਤਾਰ ਵਧਦਾ ਜਾ ਰਿਹਾ ਹੈ।, ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਕਰਕੇ ਕਿਸਾਨ ਨਾ ਸਿਰਫ਼ ਕਰਜ਼ੇ ਵਿੱਚ ਡੁੱਬ ਰਹੇ ਹਨ, ਸਗੋਂ ਖੇਤਾਂ ਵਿੱਚ ਜ਼ਿਹਰ ਘੋਲ ਰਹੇ ਹਨ। ਇਹ ਜ਼ਿਹਰ ਅਨਾਜ ਅਤੇ ਸਬਜ਼ੀਆਂ ਰਾਹੀਂ ਸਾਡੇ ਸਰੀਰ ਵਿੱਚ ਦਾਖ਼ਲ ਹੁੰਦਾ ਹੈ, ਜਿਸ ਕਾਰਨ ਅੱਜ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਲਗਾਤਾਰ ਫੈਲ ਰਹੀਆਂ ਹਨ। ਇਸ ਤਕਨੀਕ ਦੀ ਵਰਤੋਂ ਕਰਨ ਵਾਲਾ ਕਿਸਾਨ ਜਿੱਥੇ ਕਰਜ਼ੇ ਦੀ ਪਰੇਸ਼ਾਨੀ ਤੋਂ ਮੁਕਤ ਰਹਿੰਦਾ ਹੈ, ਉੱਥੇ ਹੀ ਉੱਨਤ ਖੇਤੀ ਉਤਪਾਦਾਂ ਕਾਰਨ ਆਮ ਲੋਕਾਂ ਦੀ ਸਿਹਤ ਵੀ ਸੁਰੱਖਿਅਤ ਰਹਿੰਦੀ ਹੈ। ਜੇਕਰ ਅਸੀਂ ਆਪਣੇ ਪਰਿਵਾਰ ਅਤੇ ਸਮਾਜ ਨੂੰ ਸਿਹਤਮੰਦ ਰੱਖਣਾ ਚਾਹੁੰਦੇ ਹਾਂ ਤਾਂ ਸਾਨੂੰ ਕੁਦਰਤੀ ਖੇਤੀ ਵੱਲ ਮੁੜਨਾ ਪਵੇਗਾ। ਇਹ ਇੱਕ ਵੱਡਾ, ਪਰ ਜ਼ਰੂਰੀ ਕੰਮ ਹੈ।



**-ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ ਕਾਲਮਨਿਸਟ ਸਟਰੀਟ ਕੌਰ ਚੰਦ ਐਮ.ਐਚ.ਆਰ ਮਲੋਟ ਪੰਜਾਬ।**

## ਐਸ ਡੀ ਐਮਜ ਵੱਲੋਂ ਵੱਖ-ਵੱਖ ਪੋਲਿੰਗ ਬੂਥਾਂ ਦਾ ਦੌਰਾ, ਵੋਟਾਂ ਪੈਣ ਦਾ ਕੰਮ ਅਮਨ ਅਮਾਨ ਨਾਲ ਹੋਇਆ ਮੁਕੰਮਲ



**ਗੁਰਦਾਸਪੁਰ, ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 15 ਅਕਤੂਬਰ (ਕੁਲਜੀਤ ਸਿੰਘ ਖੋਖਰ)**-ਪੰਚਾਇਤੀ ਚੋਣਾਂ 2024 ਲਈ ਜਿਲ੍ਹਾ ਗੁਰਦਾਸਪੁਰ ਵਿਚ ਵੋਟਾਂ ਪਾਉਣ ਦਾ ਕੰਮ ਅਮਨ ਅਮਾਨ ਨਾਲ ਮੁਕੰਮਲ ਹੋ ਗਿਆ। ਡਿਪਟੀ ਕਮਿਸ਼ਨਰ, ਸ੍ਰੀ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਜ਼ਿਲ੍ਹੇ ਦੇ 882 ਪਿੰਡਾਂ ਵਿੱਚ ਪੰਚਾਇਤਾਂ ਦੀ ਚੋਣ ਦਾ ਕੰਮ ਸ਼ਾਂਤੀਪੂਰਨ ਤਰੀਕੇ ਨਾਲ ਜਾਰੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਜਿੱਥੇ ਸ਼ਾਂਤੀਪੂਰਨ ਵੋਟਿੰਗ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ ਉੱਥੇ ਹੀ ਐਸ ਡੀ ਐਮਜ ਦੀ ਅਗਵਾਈ ਹੇਠ ਰਿਟਰਨਿੰਗ ਅਫ਼ਸਰਾਂ ਵੱਲੋਂ ਸੁਰੱਖਿਆ ਬਲਾਂ ਦੇ ਨਾਲ ਵੱਖ - ਵੱਖ ਪਿੰਡਾਂ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ ਜਾ ਰਿਹਾ ਹੈ ਤਾਂ ਜੋ ਸਮੁੱਚੀ ਪ੍ਰਕ੍ਰਿਆ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਿਆ ਜਾ ਸਕੇ । ਇਸੇ ਦੌਰਾਨ ਐਸ ਡੀ ਐਮ, ਡੇਰਾ ਬਾਬਾ ਨਾਨਕ, ਰਾਜਪਾਲ ਸਿੰਘ ਸੇਖੋਂ ਨੇ ਬਲਾਕ ਡੇਰਾ ਬਾਬਾ ਨਾਨਕ ਦੇ ਪਿੰਡਾਂ ਦਾ ਦੌਰਾ ਕਰਕੇ ਵੋਟਿੰਗ ਪ੍ਰਕ੍ਰਿਆ ਦਾ ਜਾਇਜ਼ਾ ਲਿਆ।

## ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਮਨਾਇਆ ਬਾਲਿਕਾ ਦਿਵਸ



**ਫ਼ਿਰੋਜ਼ਪੁਰ, 15 ਅਕਤੂਬਰ (ਮਨੋਹਰ ਲਾਲ) :**—ਫ਼ਿਰੋਜ਼ਪੁਰ ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ, ਵਿਖੇ ਅੰਤਰਰਾਸ਼ਟਰੀ ਬਾਲਿਕਾ ਦਿਵਸ ਮਨਾਇਆ ਗਿਆ। ਸਕੂਲ ਕੈਂਪਸ ਵਿਚ ਬਾਲਿਕਾ ਦੀ ਮਹੱਤਤਾ ਨੂੰ ਸਮਰਪਿਤ ਅੰਤਰ ਰਾਸ਼ਟਰੀ ਬਾਲਿਕਾ ਦਿਵਸ ਮਨਾਉਂਦਿਆਂ ਜਿਥੇ ਸਕੂਲੀ ਅਧਿਆਪਕਾਂ ਨੇ ਬੱਚਿਆਂ ਨੂੰ ਆਪਣੀ ਜਿੰਦਗੀ ਵਿਚ ਪੜ੍ਹਾਈ ਪ੍ਰਤੀ ਸੁਹਿਰਦਤਾ ਦਿਖਾਉਣ ਦੀ ਅਪੀਲ ਕੀਤੀ, ਉਥੇ ਛੋਟੀਆਂ—ਛੋਟੀਆਂ ਸ਼ਰਾਰਤਾਂ ਕਰਕੇ ਆਪਣੇ ਜੀਵਨ ਨੂੰ ਰੰਗਲਾ ਬਨਾਉਣ ਲਈ ਪ੍ਰੇਰਿਤ ਕੀਤਾ। ਇਸ ਦਿਵਸ ਮੌਕੇ ਆਪਣੇ ਵਿਚਾਰ ਪੇਸ਼ ਕਰਦਿਆਂ ਵਿਦਿਆਰਥਣਾਂ ਨੇ ਕਵਿਤਾਵਾਂ ਰਾਹੀਂ ਧੀਆਂ ਪੜ੍ਹਾਓ, ਧੀਆਂ ਬਚਾਓ ਦਾ ਸੰਦੇਸ਼ ਦਿੱਤਾ, ਜਦੋਂ ਕਿ ਇਸ ਮੌਕੇ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਲੜਕੀਆਂ ਦੇ ਅਧਿਕਾਰਾਂ ਦੀ ਰਾਖੀ, ਲੜਕੀਆਂ ਨੂੰ ਜੀਵਨ ਵਿੱਚ ਚੁਣੌਤੀਆਂ ਅਤੇ ਮੁਸ਼ਿਕਲਾਂ ਦੀ ਪਛਾਣ ਕਰਨ, ਸਮਾਜ ਵਿੱਚ ਜਾਗਰੂਕਤਾ ਲਿਆਉਣ ਅਤੇ ਲੜਕੀਆਂ ਨੂੰ ਲੜਕਿਆਂ ਦੇ ਬਰਾਬਰ ਅਧਿਕਾਰ ਦੇਣ ਆਦਿ ਬਾਰੇ ਸਾਰਿਆਂ ਨੂੰ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਧੀਆਂ ਹਮੇਸ਼ਾ ਆਪਣੇ ਦੇਸ਼ ਅਤੇ ਆਪਣੇ ਮਾਤਾ—ਪਿਤਾ ਦਾ ਨਾਮ ਰੌਸ਼ਨ ਕਰਦੀਆਂ ਹਨ, ਇਸ ਲਈ ਸਾਨੂੰ ਸਾਰਿਆਂ ਨੂੰ ਮਿਲ ਕੇ ਆਪਣੀਆਂ ਧੀਆਂ ਦਾ ਹਰ ਕਦਮ ਤੇ ਸਾਥ ਦੇਣਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਸਿੱਖਿਆ ਦੇ ਖੇਤਰ ਚ ਅੱਗੇ ਵਧਣ ਲਈ ਸਾਥ ਦੇਣਾ ਚਾਹੀਦਾ ਹੈ ਤਾਂ ਜ਼ੋ ਸਿੱਖਿਆ ਦਾ ਗਹਿਣਾ ਹਾਸਲ ਕਰਕੇ ਲੜਕੀਆਂ ਹਰ ਖੇਤਰ ਵਿਚ ਵਧੀਆ ਪ੍ਰਦਰਸ਼ਨ ਕਰਕੇ ਆਪਣਾ ਨਾਮ ਰੋਸ਼ਨਾ ਸਕਣ, ਜਿਸ ਨਾਲ ਉਸ ਦੇ ਮਾਪਿਆਂ, ਸਕੂਲ ਅਤੇ ਇਲਾਕੇ ਦਾ ਨਾਮ ਵੀ ਰੋਸ਼ਨਾਇਆ ਜਾਵੇਗਾ। ਸਕੂਲ ਪ੍ਰਬੰਧਕਾਂ ਨੇ ਅਪੀਲ ਕੀਤੀ ਕਿ ਅਜੋਕੇ ਆਧੁਨਿਕਤਾ ਦੇ ਦੌਰ ਵਿਚ ਲੜਕੀਆਂ ਨਾਲ ਕਿਸੇ ਵੀ ਤਰ੍ਹਾਂ ਦਾ ਵਿਤਕਰਾ ਬੰਦ ਹੋਣਾ ਚਾਹੀਦਾ ਹੈ, ਜ਼ੋ ਸਮੇਂ ਦੀ ਲੋੜ ਅਤੇ ਮੰਗ ਵੀ ਹੈ।

## ਜਨਮ ਦਿਨ ਮੁਬਾਰਕ




ਸਤਬੀਰ ਸਿੰਘ ਪਿਤਾ ਜਥੇਦਾਰ ਬੋਹੜ ਦੇ ਸਿੰਘ ਦਮਦਮੀ ਟਕਸਾਲ ਵਾਲੇ। (ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਜ਼ਿਲਾ ਪ੍ਰਸ਼ਾਸਨ ਦੀ ਅਣਗਹਿਲੀ ਕਾਰਨ

# ਪੰਚਾਇਤੀ ਚੋਣਾਂ ਦੌਰਾਨ ਦੋ ਜੁੜਵੇਂ ਭਰਾਂ ਨਹੀਂ ਪਾ ਸਕੇ ਵੋਟ

**☛ ਵੋਟਾਂ ਦੇ ਸ਼ਨਾਖ਼ਤੀ ਕਾਰਡ ਮੌਜੂਦ ਹੋਣ ਦੇ ਬਾਵਜੂਦ ਨਹੀਂ ਪਾ ਸਕੇ ਆਪਣੀ ਵੋਟ, ਆਨਲਾਈਨ ਲਿਸਟਾਂ ਵਿੱਚ ਅੱਜ ਨਾਮ ਦਰਜ ਹਨ। ☛ 1 ਜੂਨ 2024 ਐਮ ਪੀ ਦੀਆਂ ਪਹਿਲੀ ਵਾਰ ਵੋਟਾਂ ਦੌਰਾਨ ਮਿਲੇ ਸੀ ਪ੍ਰਸ਼ਾਸਾ ਪੱਤਰ। ☛ ਪੰਚਾਇਤੀ ਵੋਟਾਂ ਪਾਉਣ ਸਮੇਂ ਲਿਸਟਾਂ ਵਿੱਚ ਨਾਮ ਨਹੀਂ ਕੀਤੇ ਗਏ ਦਰਜ**

**ਗੁਰਦਾਸਪੁਰ ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 15 ਅਕਤੂਬਰ (ਕੁਲਜੀਤ ਸਿੰਘ ਖੋਖਰ)**-ਜ਼ਿਲਾ ਪ੍ਰਸ਼ਾਸਨ ਦੀ ਅਣਗਹਿਲੀ ਕਾਰਨ ਪੰਚਾਇਤੀ ਚੋਣਾਂ ਦੌਰਾਨ ਦੋ ਜੁੜਵੇਂ ਭਰਾਂ ਨਹੀਂ ਪਾ ਸਕੇ ਆਪਣੀ ਕੀਮਤੀ ਵੋਟ। ਸ਼ਨਾਖ਼ਤੀ ਕਾਰਡ ਹੋਣ ਦੇ ਬਾਵਜੂਦ ਵੀ ਅਧਿਕਾਰੀਆਂ ਵੱਲੋਂ ਵੋਟ ਨਹੀਂ ਪਾਉਣ ਦਿੱਤੀ ਗਈ ਇਕੱਤਰ ਕੀਤੀ ਗਈ ਜਾਣਕਾਰੀ ਅਨੁਸਾਰ ਕਸਬਾ ਹਰਚੋਵਾਲ ਸ਼ਹੀਦ ਹੀਰਾਂ ਸਿੰਘ ਸੀਨੀਅਰ ਸੈਕੰਡਰੀ ਸਕੂਲ ਵਿਖੇ ਗੁਰਤਾਜਬੀਰ ਸਿੰਘ, ਗੁਰਤਨਬੀਰ ਸਿੰਘ ਪੁੱਤਰ ਗਗਨਦੀਪ ਸਿੰਘ ਵਾਸੀ ਹਰਚੋਵਾਲ ਆਪਣਾ ਸ਼ਨਾਖ਼ਤੀ ਕਾਰਡ ਲੈਣ ਕੇ ਪੰਚਾਇਤ ਦੀਆਂ ਚੋਣਾਂ ਵਾਸਤੇ ਵੋਟ ਪਾਉਣ ਗਏ ਪਰ ਮੌਜੂਦਾ ਆਧਿਕਾਰੀ ਵੱਲੋਂ ਲਿਸਟ ਵਿੱਚ ਨਾਮ ਨਾਂ ਹੋਣ ਕਾਰਨ ਵੋਟ ਪਾਉਣ ਦਾ ਅਧਿਕਾਰ ਨਹੀਂ ਦਿੱਤਾ ਗਿਆ। ਇਸ ਮੌਕੇ ਤੇ ਬੱਚਿਆਂ ਦੇ ਪਿਤਾ ਗਗਨਦੀਪ ਸਿੰਘ ਰਿਆੜ ਦੱਸਿਆ ਕਿ ਜੋ 1 ਜੂਨ 2024 ਨੂੰ ਲੋਕ ਸਭਾ ਦੀਆਂ ਚੋਣਾਂ ਦੌਰਾਨ ਮੌਜੂਦਾ ਆਧਿਕਾਰੀ ਵੱਲੋਂ ਗੁਰਤਾਜਬੀਰ, ਗੁਰਤਨਬੀਰ ਸਿੰਘ ਨੂੰ ਪਹਿਲੀਂ ਵਾਰ ਵੋਟ ਪਾਉਣ ਤੇ ਪ੍ਰਸੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਹਨਾਂ ਬੱਚਿਆਂ ਦਾ ਵੋਟਾਂ ਦਾ ਸ਼ਨਾਖ਼ਤੀ ਕਾਰਡ ਹੋਣ ਦੇ ਬਾਵਜੂਦ ਜਦ ਆਨਲਾਈਨ ਵੋਟਾਂ ਨੂੰ ਚੈੱਕ ਕੀਤਾ ਗਿਆ ਤਾਂ ਹਰਚੋਵਾਲ ਦੀ ਲਿਸਟ ਵਿੱਚ ਗੁਰਤਾਜਬੀਰ ਸਿੰਘ (25) NKJ187039, ਗੁਰਤਰਨਬੀਰ ਸਿੰਘ (26) NKJ182788 ਨੰਬਰ ਆ ਰਿਹਾ ਹੈ। ਪਰ ਦੋ ਜ਼ਿਲਾ ਪ੍ਰਸ਼ਾਸਨ ਵੱਲੋਂ ਵੋਟਾਂ ਦੀਆਂ ਲਿਸਟਾਂ ਭੇਜੀਆਂ ਗਈਆਂ ਹਨ ਉਨ੍ਹਾਂ ਵਿੱਚ ਇਹਨਾਂ ਬੱਚਿਆਂ ਦਾ ਨਾਮ ਨਹੀਂ ਸੀ ਮੌਜੂਦਾ ਜਿਸ ਨਾਲ ਇਹਨਾਂ ਬੱਚਿਆਂ ਨੂੰ ਪੰਚਾਇਤੀ ਵੋਟਾਂ ਪਾਉਣ ਦਾ ਅਧਿਕਾਰ ਨਹੀਂ ਮਿਲ਼ਿਆ। ਇਸ ਤੋਂ ਇਲਾਵਾ ਅਨੇਕਾਂ ਵੋਟਰ ਨੂੰ ਪੰਚਾਇਤੀ ਵੋਟ ਪਾਉਣ ਦਾ ਅਧਿਕਾਰ ਨਹੀਂ ਮਿਲ਼ਿਆ ਇਸ ਗਲਤੀ ਦਾ ਜ਼ਿਮੇਵਾਰ ਜ਼ਿਲਾ ਪ੍ਰਸ਼ਾਸਨ ਹੈ ਜਿਸ ਦੀ ਅਣਗਿਹਲੀ ਕਾਰਨ ਸੈਂਕੜੇ ਲੋਕ ਪੰਚਾਇਤ ਦੀਆਂ ਵੋਟਾਂ ਨਹੀਂ ਪਾ ਸਕੇ। ਇਸ ਤੋਂ ਇਲਾਵਾ ਮਹਿਕਦੀਪ ਸਿੰਘ ਨੇ ਦੱਸਿਆ ਕਿ ਮੇਰੇ ਪਰਿਵਾਰ ਦੀਆਂ ਵੋਟਾਂ 2 ਨੰਬਰ ਵਾਰਡ ਵਿੱਚ ਹਨ ਪਰ ਮੇਰੀ ਵੋਟ 3 ਨੰਬਰ ਵਾਰਡ ਵਿੱਚ ਚਲੇ ਜਾਣ ਨਾਲ ਮੈਂ ਆਪਣੀ ਮੈਂਬਰ ਦੀ ਵੋਟ ਦੀ ਵਰਤੋਂ ਆਪਣੇ ਵਾਰਡ ਦੇ ਪੰਚਾਇਤ ਮੈਂਬਰ ਨੂੰ ਨਹੀਂ ਪਤਾ ਸਕਿਆਂ। ਕਿਉਂ ਕਿ ਆਧਿਕਾਰੀ ਦੀ ਅਣਗਹਿਲੀ ਕਾਰਨ ਮੇਰੀ ਵੋਟ ਦੂਸਰੀ ਵਾਰਡ ਵਿੱਚ ਚਲੇ ਗਈ। ਇਸ ਤਰਾਂ ਬਹੁਤ ਸਾਰੇ ਵੋਟਰਾਂ ਦੀਆਂ ਵੋਟਾਂ ਵੀ ਵੱਖ ਵੱਖ ਵਾਰਡਾਂ ਚੇ ਜਾਣ ਕਾਰਨ ਆਪਣੀ ਵਾਰਡ ਦੇ ਮੈਂਬਰਾਂ ਨੂੰ ਵੋਟ ਨਹੀਂ ਪਾ ਸਕੇ। ਇਸ ਸਬੰਧੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਭਾਈ ਗਗਨਦੀਪ ਸਿੰਘ ਰਿਆੜ ਨੇ ਜ਼ਿਲਾ ਡਿਪਟੀ ਕਮਿਸ਼ਨਰ ਪਾਸੋਂ ਮੰਗ ਕੀਤੀ ਗਈ ਹੈ ਕਿ ਜਿਹਨਾਂ ਪਿੰਡਾਂ ਵਿੱਚ ਵੋਟਾਂ ਲਿਸਟਾਂ ਵਿੱਚ ਨਹੀਂ ਦਰਜ ਉਨਾਂ ਵੋਟਾਂ ਨੂੰ ਲਿਸਟਾਂ ਵਿੱਚ ਦਰਜ਼ ਕਰਾਉਣ ਦੀ ਹਦਾਇਤਾਂ ਜਾਰੀ ਕੀਤੀਆਂ ਜਾਣ ਬਾਕੀ ਜਿਹਨਾਂ ਵੋਟਰਾਂ ਦੀਆਂ ਵੋਟਾਂ ਵੱਖ ਵੱਖ ਵਾਰਡਾਂ ਵਿਚ ਚਲੇ ਗਈਆ ਹਨ ਉਨ੍ਹਾਂ ਵੋਟਾਂ ਨੂੰ ਸਹੀ ਕਰ ਕੇ ਇੱਕ ਵਾਰਡ ਵਿੱਚ ਇੱਕਠੀਆਂ ਕੀਤੀਆਂ ਜਾਣ ਇਹ ਵੋਟਰ ਆਪਣੀ ਵਾਰਡ ਦੇ ਮੈਂਬਰਾਂ ਨੂੰ ਵੋਟ ਪਾ ਸਕਣ।



**ਕੀ ਕਹਿਣਾ ਹੈ ਪ੍ਰਜੈਟਿੰਗ ਅਫਸਰ ਦਾ**- ਸੀਨੀਅਰ ਸੈਕੰਡਰੀ ਸਕੂਲ ਹਰਚੋਵਾਲ 2 ਨੰਬਰ ਮੌਜੂਦਾ ਅਫਸਰ ਪਰਮਜੀਤ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਆਖਿਆ ਕਿ ਸਰਕਾਰ ਵੱਲੋਂ ਇਹ ਲਿਸਟਾਂ ਜਾਰੀ ਕੀਤੀਆਂ ਗਈਆਂ ਹਨ ਉਨ੍ਹਾਂ ਵਿੱਚ ਜਿਸ ਦਾ ਨਾਮ ਉਸ ਨੂੰ ਵੋਟ ਪਾਉਣ ਦਾ ਅਧਿਕਾਰ ਹੈ, ਬਾਕੀ ਦੋ ਲਿਸਟਾਂ ਵਿੱਚ ਬਹੁਤ ਸਾਰੀਆਂ ਗਲਤੀਆਂ ਪਾਈਆਂ ਗਈਆਂ ਹਨ ਉਹ ਪਿਛੋਂ ਹੀ ਗ਼ਲਤ ਆਈਆਂ ਹੋਈਆਂ ਹਨ, ਬਹੁਤ ਸਾਰੇ ਪਰਿਵਾਰਾਂ ਦੀਆਂ ਵੋਟਾਂ ਕੱਟੀਆਂ ਹੋਈਆਂ ਹਨ, ਉਹ ਲਿਸਟਾਂ ਜਾਰੀ ਕਰਨ ਵਾਲਿਆਂ ਗਲਤ ਹੈ। ਭਾਵੇਂ ਤੁਸੀਂ ਲੋਕ ਸਭਾ ਚੋਣਾਂ ਦੌਰਾਨ ਵੋਟ ਪਾਈ ਹੋਈ ਹੈ। ਪਰ ਇਹਨਾਂ ਲਿਸਟਾਂ ਵਿੱਚ ਨਾਮ ਦਰਜ ਨਹੀਂ ਹੈ ਇਸ ਲਈ ਜ਼ਿਲ੍ਹਾ ਪ੍ਰਸ਼ਾਸਨ ਨਾਲ ਸੰਪਰਕ ਕਰ ਕੇ ਠੀਕ ਕਰਵਾ ਸਕਦੇ ਹੋ। ਅਫਸਰ ਦਾ ਕਹਿਣਾ ਹੈ ਸਵੇਰ ਤੋਂ ਲੈ ਕੇ ਸ਼ਾਮ ਤੱਕ ਇਸ ਤਰ੍ਹਾਂ ਦੇ ਬਹੁਤ ਕੇਸ ਆਏ ਹੋਏ ਹਨ ਇਹਨਾਂ ਗ਼ਲਤ ਲਿਸਟਾਂ ਦੀ ਜ਼ਿਮੇਵਾਰੀ ਪਿਛੋਂ ਭੇਜਣ ਵਾਲੇ ਅਧਿਕਾਰੀਆਂ ਦੀ ਹੈ।

ਸਰਵੋਤਮ ਪੁਰਸਕਾਰ ਲਈ ਡਾ: ਮਨਜੀਤ ਕੌਰ ਦੀ ਹੋਈ ਚੋਣ

# ਲੰਬੇ ਸੰਘਰਸ਼ ਬਾਅਦ ਆਪਣੀ ਨੌਕਰੀ ਨੂੰ ਬਰਕਰਾਰ ਰੱਖਣ ਵਾਲੀ ਡਾ: ਮਨਜੀਤ ਕੌਰ ਨੇ ਚਮਕਾਇਆ ਫ਼ਿਰੋਜ਼ਪੁਰ ਦਾ ਨਾਮ

**ਫ਼ਿਰੋਜ਼ਪੁਰ, 15 ਅਕਤੂਬਰ (ਮਨੋਹਰ ਲਾਲ) :—** ਫਿਰੋਜ਼ਪੁਰ ਸ਼ਹਿਰ ਲਈ ਵੱਡੇ ਮਾਣ ਦੀ ਗੱਲ ਹੈ ਕਿ ਭਾਸ਼ਾ ਵਿਭਾਗ, ਪੰਜਾਬ ਵੱਲੋਂ ਐਲਾਨੇ ਗਏ ਸਰਵੋਤਮ ਪੁਰਸਕਾਰਾਂ ਵਿੱਚੋਂ ਸਾਲ 2022 ਦਾ ਆਲੋਚਨਾ ਦਾ ਵਕਾਰੀ ਪੁਰਸਕਾਰ (ਡਾ: ਅਤਰ ਸਿੰਘ ਪੁਰਸਕਾਰ) ਡਾ: ਮਨਜੀਤ ਕੌਰ ਆਜ਼ਾਦ ਦੀ ਪੁਸਤਕ ਵਿਸ਼ਵ ਸੱਭਿਆਚਾਰ ਬਨਾਮ ਸਥਾਨਕ ਸੱਭਿਆਚਾਰ ਨੂੰ ਦੇਣ ਦਾ ਐਲਾਨ ਕੀਤਾ ਹੈ। ਗੌਰਤਲਬ ਹੈ ਕਿ ਇਸ ਪੁਸਤਕ ਵਿੱਚ ਡਾ: ਮਨਜੀਤ ਕੌਰ ਆਜ਼ਾਦ ਵੱਲੋਂ ਵਿਸ਼ਵੀਕਰਨ ਦੇ ਮਾਨਵੀ ਜ਼ਿੰਦਗੀ ਦੇ ਵਿਭਿੰਨ ਪੱਖਾਂ ਤੇ ਪਏ ਪ੍ਰਭਾਵਾਂ ਸਦਕਾ ਪਣਪ ਰਹੇ ਨਵ—ਵਿਸ਼ਵ ਸੱਭਿਆਚਾਰ ਬਾਬਤ ਬਾਰੀਕ ਅਤੇ ਨਿੱਗਰ ਚਰਚਾ ਕੀਤੀ ਹੈ ਇਸ ਪੁਸਤਕ ਦੀ ਇਹ ਵੀ ਪ੍ਰਾਪਤੀ ਹੈ ਕਿ ਇਸ ਵਿਚ ਲੇਖਿਕਾ ਨੇ ਵਿਸ਼ਵ ਸੱਭਿਆਚਾਰ ਦੀ ਨਿਰਮਾਣ ਪ੍ਰਕਿਰਿਆ (ਜੋ ਕਿ ਪੰਜਾਬੀ ਸਾਹਿਤ ਵਿੱਚ ਇੱਕ ਨਿਵੇਕਲਾ ਕਾਰਜ ਹੈ) ਬਾਰੇ ਗਹਿਰ ਗੰਭੀਰ ਚਰਚਾ ਕਰਦਿਆਂ ਬੜੀ ਸਪੱਸ਼ਟਤਾ ਨਾਲ ਸਥਾਨਕ ਸੱਭਿਆਚਾਰਾਂ ਨੂੰ ਦਰਪੇਸ਼ ਚੁਣੌਤੀਆਂ, ਸੰਕਟਾਂ ਅਤੇ ਦਵੰਧਾਂ ਬਾਰੇ ਚਰਚਾ ਕੀਤੀ ਹੈ। ਆਪਣੇ ਤੱਥਾਂ ਦੀ ਪ੍ਰਮਾਣਿਕਤਾ ਲਈ ਲੇਖਿਕਾ ਨੇ ਵਿਭਿੰਨ ਉਮਰ ਵਰਗ ਦੇ ਲੋਕਾਂ ਤੋਂ ਜਾਣਕਾਰੀ ਪ੍ਰਾਪਤ ਕਰਕੇ ਅੰਕੜਿਆਂ ਦੇ ਆਧਾਰ ਤੇ ਆਪਣੀ ਖੋਜ ਕੀਤੀ ਅਤੇ ਇਸ ਨੂੰ ਪੁਸਤਕ ਦੇ ਰੂਪ ਵਿੱਚ ਪ੍ਰਕਾਸ਼ਿਤ ਕਰਵਾਇਆ। ਇਸ ਤੋਂ ਪਹਿਲਾਂ ਵੀ ਲੇਖਿਕਾ ਵੱਲੋਂ ਦੋ ਕਵਿਤਾ ਦੀਆਂ ਅਤੇ ਆਲੋਚਨਾ ਦੀਆਂ ਦੋ ਪੁਸਤਕਾਂ ਪ੍ਰਕਾਸ਼ਿਤ ਹੋ ਚੁੱਕੀਆਂ ਹਨ, ਉਨ੍ਹਾਂ ਦੀ ਇਸ ਮਾਣਮੱਤੀ ਪ੍ਰਾਪਤੀ ਲਈ ਫਿਰੋਜ਼ਪੁਰ ਸ਼ਹਿਰ ਅਤੇ ਆਰ.ਐਸ.ਡੀ. ਕਾਲਜ ਲਈ ਵੀ ਮਾਣ ਵਾਲੀ ਗੱਲ ਹੋਣੀ ਚਾਹੀਦੀ ਹੈ ਜਿੱਥੇ ਉਹ ਪਿਛਲੇ 13 ਸਾਲ ਤੋਂ ਪੰਜਾਬੀ ਅਧਿਆਪਕਾ ਵਜੋਂ ਸੇਵਾਵਾਂ ਨਿਭਾ ਰਹੇ ਹਨ ਪਰ ਅਫ਼ਸੋਸ ਹੈ ਕਿ ਆਰ.ਐਸ.ਡੀ. ਸੰਸਥਾ ਆਪਣੀ ਇਸ ਅਧਿਆਪਕਾ ਦੀ ਇਸ ਪ੍ਰਾਪਤੀ ਲਈ ਮਾਣਮੱਤੀ ਨਹੀਂ ਹੋ ਸਕੇਗੀ, ਕਿਉਂਕਿ ਭਾਸ਼ਾ ਵਿਭਾਗ ਦੇ ਇਸ ਵੱਕਾਰੀ ਪੁਰਸਕਾਰ ਵਿਜੇਤਾ ਡਾ: ਮਨਜੀਤ ਕੌਰ ਆਜ਼ਾਦ ਨੂੰ ਆਰ.ਐਸ.ਟੀ ਕਾਲਜ ਦੀ ਮੈਨੇਜਮੈਂਟ ਨੇ ਉਨ੍ਹਾਂ ਦੇ ਦੋ ਹੋਰ ਸਹਿਯੋਗੀਆਂ ਸਮੇਤ ਪਿਛਲੇ ਸਾਲ ਬਿਨਾਂ ਵਜ੍ਹਾ ਨੌਕਰੀ ਤੋਂ ਕੱਢ ਦਿੱਤਾ ਸੀ ਅਤੇ 52 ਦਿਨ ਪ੍ਰੋ: ਮਨਜੀਤ ਕੌਰ ਨੂੰ ਦਿਨ—ਰਾਤ ਸੜਕਾਂ ਤੇ ਬੈਠਣਾ ਪਿਆ ਤਾਂ ਜਾ ਕੇ ਬਹਾਲ ਹੋਏ। ਅਦਾਲਤੀ ਹੁਕਮਾਂ ਤੋਂ ਬਾਅਦ ਕਾਲਜ ਨੇ ਇਨ੍ਹਾਂ ਨੂੰ ਮੁੜ ਜੁਆਇਨ ਤਾਂ ਕਰਵਾ ਲਿਆ ਸੀ ਪਰ ਇਸ ਪੁਰਸਕਾਰ ਵਿਜੇਤਾ ਨੂੰ ਕਾਲਜ ਮੈਨੇਜਮੈਂਟ ਵੱਲੋਂ ਪਿਛਲੇ 11 ਮਹੀਨੇ ਤੋਂ ਤਨਖਾਹ ਨਹੀਂ ਦਿੱਤੀ ਜਾ ਰਹੀ। ਸ਼ਬਦ ਸੱਭਿਆਚਾਰ ਲਈ ਨਿਰੰਤਰ ਯਤਨਸ਼ੀਲ ਸੰਸਥਾ ਕਲਾਪੀਠ (ਰਜਿ:) ਦੇ ਪ੍ਰਧਾਨ ਪ੍ਰੋ: ਜਸਪਾਲ ਘਈ ਜਨਰਲ ਸਕੱਤਰ ਸੁਖਜਿੰਦਰ, ਪ੍ਰੋ: ਗੁਰਤੇਜ ਕੋਹਾਰਵਾਲਾ, ਪ੍ਰੋ: ਕੁਲਦੀਪ, ਰਾਜੀਵ ਖ਼ਿਆਲ ਸੁਖਦੇਵ ਭੱਟੀ, ਓਮ ਪ੍ਰਕਾਸ਼ ਸਰੋਏ, ਲਾਲ ਸਿੰਘ ਸੁਲਹਾਨੀ, ਸਰਬਜੀਤ ਸਿੰਘ ਭਾਵੜਾ, ਸੰਦੀਪ ਚੌਧਰੀ, ਸੁਖਵਿੰਦਰ ਭੁੱਲਰ ਅਤੇ ਹਰਮੀਤ ਵਿਦਿਆਰਥੀ ਨੇ ਡਾ: ਮਨਜੀਤ ਕੌਰ ਆਜ਼ਾਦ ਨੂੰ ਇਸ ਪ੍ਰਾਪਤੀ ਮੁਬਾਰਕਬਾਦ ਦਿੱਤੀ ਅਤੇ ਭਾਸ਼ਾ ਵਿਭਾਗ ਦਾ ਧੰਨਵਾਦ ਕੀਤਾ।



# ਫੂਡ ਸੇਫਟੀ ਵਿਭਾਗ ਵਲੋਂ ਮਿਲਾਵਟਖੋਰਾਂ ਤੇ ਕਸਿਆ ਗਿਆ ਸ਼ਿਕੰਜਾ, ਵੱਡੀ ਮਾਤਰਾ ਵਿੱਚ ਮਿਲਾਵਟੀ ਵਸਤੂਆਂ ਬਰਾਮਦ



**ਚੌਕ ਮਹਿਤਾ, 15 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਅੰਮ੍ਰਿਤਸਰ ਵਲੋਂ ਮਾਨਯੋਗ ਕਮਿਸ਼ਨਰ ਫੂਡ ਐਂਡ ਡਰੱਗ ਪੰਜਾਬ ਡਾ ਅਭਿਨਵ ਤ੍ਰਿਖਾ ਜੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ, ਮਾਨਯੋਗ ਡਿਪਟੀ ਕਮਿਸ਼ਨਰ ਮੈਡਮ ਸ਼ਾਕਸ਼ੀ ਸਾਹਨੀ ਜੀ ਦੇ ਹੁਕਮਾਂ ਅਨੁਸਾਰ, ਸਿਵਲ ਸਰਜਨ ਡਾ ਕਿਰਨਦੀਪ ਕੌਰ ਦੀ ਯੋਗ ਅਗਵਾਈ ਹੇਠਾਂ ਸਿਹਤ ਵਿਭਾਗ ਦੇ ਫੂਡ ਸੇਫਟੀ ਵਿੰਡ ਅਤੇ ਪੁਲਿਸ ਵਿਭਾਗ ਦੇ ਸਹਿਯੋਗ ਨਾਲ ਇੱਕ ਸਪੈਸ਼ਲ ਰੇਡ ਕੀਤੀ ਗਈ। ਇਸ ਟੀਮ ਵਿਚ ਸਹਾਇਕ ਕਮਿਸ਼ਨਰ (ਫੂਡ) ਸ੍ਰੀ ਰਜਿੰਦਰ ਪਾਲ ਸਿੰਘ, ਫੂਡ ਸੇਫਟੀ ਅਫਸਰ ਕਮਲਦੀਪ ਕੌਰ, ਪੁਲਿਸ ਵਿਭਾਗ ਵਲੋਂ ਏ.ਸੀ.ਪੀ. ਸ੍ਰੀ ਸ਼ਿਵਦਰਸ਼ਨ ਸਿੰਘ ਅਤੇ ਏ.ਐਸ.ਆਈ. ਸੁਖਦੇਵ ਸਿੰਘ ਅਤੇ ਸਹਾਇਕ ਸਟਾਫ ਸ਼ਾਮਲ ਸਨ। ਇਸ ਟੀਮ ਵਲੋਂ ਕੱਲ੍ਹ ਸ਼ਾਮ ਕਰੀਬ 7 ਵਜੇ ਸ਼ੇਰ ਸ਼ਾਹ ਸੂਰੀ ਰੋਡ ਤੇ ਸਥਿਤ ਜੱਜ ਡੇਅਰੀ ਰੇਡ ਕੀਤੀ ਗਈ। ਜਿਸ ਦੌਰਾਣ ਲਗਭਗ 20 ਕਵਿੰਟਲ ਸੁੱਕਾ ਦੁੱਧ, 75 ਕਿਲੋ ਰਿਫਾਇੰਡ ਤੇਲ ਦੇ ਸਟਾਕ ਨੂੰ ਸੀਲ ਕੀਤਾ ਗਿਆ ਅਤੇ 100 ਦੇ ਕਰੀਬ ਪਨੀਰ ਨੂੰ ਮੌਕੇ ਤੇ ਨਸ਼ਟ ਕੀਤਾ ਗਿਆ। ਇਸ ਦੌਰਾਣ ਟੀਮ ਵਲੋਂ ਕੁੱਲ 5 ਸੈਂਪਲ ਲਏ ਗਏ ਸਨ ਜਿਨ੍ਹਾ ਵਿੱਚ 2 ਸੈਂਪਲ ਸੁੱਕਾ ਦੱਧ, 1 ਰਿਫਾਂਇੰਡ ਤੇਲ, 1 ਪਨੀਰ ਅਤੇ 1 ਦੁੱਧ ਦਾ ਸੈਂਪਲ ਸ਼ਾਮਲ ਹੈ, ਇਹਨਾਂ ਸਾਰੇ ਸੈਂਪਲਾਂ ਨੂੰ ਸੀਲਬੰਦ ਕਰਕੇ ਫੂਡ ਲੈਬ ਖਰੜ ਵਿਖੇ ਜਾਂਚ ਲਈ ਭੇਜਿਆ ਗਿਆ ਹੈ ਅਤੇ ਰਿਪੋਰਟ ਆਓਣ ਤੋਂ ਬਾਦ ਇਹਨਾਂ ਤੇ ਬਣਦੀ ਕਾਰਵਾਈ ਕੀਤੀ ਜਾਵੇਗੀ। ਇਸ ਅਵਸਰ ਤੇ ਜਿਲ੍ਹਾ ਪ੍ਰਸ਼ਾਸ਼ਣ ਅਤੇ ਸਿਹਤ ਵਿਭਾਗ ਵਲੋਂ ਸਮੂਹ ਡੇਅਰੀ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਕਿਸਮ ਦੀ ਮਿਲਾਵਟਖੋਰੀ ਨਾਂ ਕੀਤੀ ਜਾਵੇ ਤਾਂ ਜੋ ਲੋਕਾਂ ਨੂੰ ਮਿਆਰੀ ਦੱਧ ਤੇ ਦੁੱਧ ਦੇ ਪਦਾਰਥ ਮੁਹੱਈਆ ਕੀਤੇ ਜਾ ਸਕਣ।

# ਪੰਥਕ ਆਗੂ ਸ਼ਮਸ਼ੇਰ ਸਿੰਘ ਪੱਧਰੀ ਨੂੰ ਗਹਿਰਾ ਸਦਮਾ, ਮਾਤਾ ਦਾ ਦੇਹਾਂਤ

**ਅੰਮ੍ਰਿਤਸਰ 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਥਕ ਆਗੂ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੂੰ ਉਸ ਵੇਲੇ ਗਹਿਰਾ ਸਦਮਾਂ ਪਹੁੰਚਿਆ ਜਦੋਂ ਉਹਨਾਂ ਦੇ ਸਤਿਕਾਰਯੋਗ ਮਾਤਾ ਬੀਬੀ ਪਰਮਜੀਤ ਕੌਰ ਜੀ ਅਚਨਚੇਤ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ। ਮਾਤਾ ਪਰਮਜੀਤ ਕੌਰ ਜੀ ਤਕਰੀਬਨ 70 ਸਾਲ ਦੇ ਸਨ ਅਤੇ ਆਪਣੇ ਦੂਸਰੇ ਸਪੁੱਤਰ ਸ੍ਰ ਦਿਲਬਾਗ ਸਿੰਘ ਜੀ ਕੋਲ ਮੈਲਬੋਰਨ ਅਸਟ੍ਰੇਲੀਆ ਗਏ ਹੋਏ ਸਨ ਜਿੱਥੇ ਅੱਜ ਸਵੇਰੇ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਅਕਾਲ ਚਲਾਣਾਂ ਕਰ ਗਏ। ਮਾਤਾ ਪਰਮਜੀਤ ਕੌਰ ਬਹੁਤ ਹੀ ਮਿਹਨਤਕਸ਼ ਅਤੇ ਪ੍ਰਮਾਤਮਾਂ ਦਾ ਨਾਮ ਲੈਣ ਵਾਲੇ ਸਨ। ਭਾਈ ਸ਼ਮਸ਼ੇਰ ਸਿੰਘ ਤੋਂ ਇਲਾਵਾ ਉਹਨਾਂ ਦੇ ਦੋ ਹੋਰ ਸਪੁੱਤਰ ਹਨ ਜਿੰਨਾਂ ਵਿੱਚੋਂ ਸ੍ਰ ਦਿਲਬਾਗ ਸਿੰਘ ਪੱਕੇ ਤੌਰ ਅਸਟ੍ਰੇਲੀਆ ਰਹਿੰਦੇ ਹਨ ਅਤੇ ਤੀਸਰੇ ਸਪੁੱਤਰ ਪ੍ਰੋਫੈਸਰ ਕੁਲਦੀਪ ਸਿੰਘ ਜੀ ਜੋ ਖ਼ਾਲਸਾ ਕਾਲਜ ਅੰਮ੍ਰਿਤਸਰ ਵਿੱਚ ਪ੍ਰੋਫੈਸਰ ਹਨ। ਮਾਤਾ ਜੀ ਦਾ ਅੰਤਿਮ ਸੰਸਕਾਰ ਮੈਲਬੌਰਨ ਅਸਟ੍ਰੇਲੀਆ ਵਿਖੇ ਹੀ ਹੋਵੇਗਾ। ਉਹਨਾਂ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਅਤੇ ਅੰਤਿਮ ਅਰਦਾਸ ਗੁਰਦੁਆਰਾ ਸਾਧ ਸੰਗਤ ਸਾਹਿਬ, ਕਬੀਰ ਪਾਰਕ ਅੰਮ੍ਰਿਤਸਰ ਵਿਖੇ ਮਿਤੀ 24 ਅਕਤੂਬਰ ਨੂੰ ਕੀਤੀ ਜਾਵੇਗੀ।



# ਧੰਨ ਧੰਨ ਸ੍ਰੀ ਗੁਰੁ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਪਹਿਲੀ ਵਾਰ ਸਜਾਇਆ ਜਾਵੇਗਾ ਵਿਸ਼ਾਲ ਨਗਰ ਕੀਰਤਨ : ਡੀ.ਪੀ.ਸਿੰਘ

**ਚੌਕ ਮਹਿਤਾ, 15 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚੰਡੀਗੜ੍ਹ, 'ਚ ਪਹਿਲੀ ਵਾਰ ਮਹਾਨ ਨਗਰ ਕੀਰਤਨ ਮਿਤੀ 17-10-2024 ਦਿਨ ਵੀਰਵਾਰ ਨੂੰ ਸਜਾਇਆ ਜਾਵੇਗਾ ਜਾਣਕਾਰੀ ਦਿੰਦੇ ਹੋਏ ਸ੍ਰ ਡੀ ਪੀ ਸਿੰਘ ਸਾਬਕਾ ਸੀ ਈ ਓ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਸਾਬਕਾ ਸੀ ਈ ਓ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ, ਸਾਬਕਾ ਡੀ ਜੀ ਐਮ ਪੰਜਾਬ ਐਂਡ ਸਿੰਧ ਬੈਂਕ, ਬ੍ਰਾਂਚ ਇੰਚਾਰਜ ਤੇਰਾ ਹੀ ਤੇਰਾ ਮੈਡੀਕੋਜ਼ ਸੈਕਟਰ 32ਚੰਡੀਗੜ੍ਹ ਸਾਹਿਬ ਨੇ ਦੱਸਿਆ ਕਿ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਮਿਤੀ 19.10.2024 ਦਿਨ ਸ਼ਨੀਵਾਰ ਨੂੰ ਆ ਰਿਹਾ ਹੈ। ਇਸ ਦੇ ਸਬੰਧ ਵਿੱਚ ਪਹਿਲੀ ਵਾਰ ਇੱਕ ਵਿਸ਼ਾਲ ਨਗਰ ਕੀਰਤਨ ਮਿਤੀ 17.10.2024 ਦਿਨ ਵੀਰਵਾਰ ਨੂੰ ਸਵੇਰੇ 12.30 ਵਜੇ ਗੁਰਦੁਆਰਾ ਪਾਤਸ਼ਾਹੀ ਦਸਵੀਂ ਸੈਕਟਰ 8-ਸੀ ਚੰਡੀਗੜ੍ਹ ਤੋਂ ਅਰੰਭ ਹੋ ਕੇ ਸੈਕਟਰ 9 ਮਾਰਕੀਟ, ਸੈਕਟਰ 10 ਮਾਰਕੀਟ, ਸੈਕਟਰ 11 ਮਾਰਕੀਟ, ਪੰਜਾਬ ਯੂਨੀਵਰਸਟੀ ਦੇ ਗੇਟ ਨੰ. 1 ਅਤੇ ਗੇਟ ਨੰ. 2, ਸੈਕਟਰ 15 ਮਾਰਕੀਟ, ਸੈਕਟਰ 16 ਮਾਰਕੀਟ, ਸੈਕਟਰ 23 ਬਾਲ ਭਵਨ ਤੋਂ ਮਾਰਕੀਟ, ਸੈਕਟਰ 22 ਦੀ ਮਾਰਕੀਟ ਰਾਹੀਂ ਹੁੰਦੇ ਹੋਏ ਗੁਰਦੁਆਰਾ ਸਾਹਿਬ ਸੈਕਟਰ 22 ਵਿਖੇ ਸ਼ਾਮ ਨੂੰ 7.30 ਵਜੇ ਸੰਪੂਰਨ ਹੋਵੇਗਾ ਸਮੂਹ ਸੰਗਤਾਂ, ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਨਗਰ ਕੀਰਤਨ ਵਿੱਚ ਪਰਿਵਾਰਾਂ ਸਹਿਤ ਆਪਣੀਆਂ ਗੱਡੀਆਂ, ਬੱਸਾਂ ਅਤੇ ਕਾਰਾਂ ਆਦਿ ਸਹਿਤ ਸ਼ਾਮਲ ਹੋ ਕੇ ਨਗਰ ਕੀਰਤਨ ਦੀਆਂ ਰੌਣਕਾਂ ਵਧਾਓ ਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243